



ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ਨੀਵਾਰ 18 ਨਵੰਬਰ 2023 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)




ਹਰ ਦਿਨ ਪੰਜਾਬ ਭਰ 'ਚੋਂ ਅਦਾਰੇ ਨੂੰ ਮਿਲ ਰਹੇ ਪਿਆਰ ਅਤੇ ਸਹਿਯੋਗ ਦਾ ਦਿਲੋਂ ਧੰਨਵਾਦ

ਮੁੱਖ ਸੰਪਾਦਕ : ਅਮਨਦੀਪ ਮਹਿਰਾ


R.N.I.Punpun/29016/2008 * ਸਾਲ 15 * ਅੰਕ : 248 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111



ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ






ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ
3822 ਵੀਜ਼ਾ
1 ਜਨਵਰੀ 2023 ਤੋਂ 6 ਅਕਤੂਬਰ 2023 ਤੱਕ ਲੱਗੇ
easyvisa | CALL 87250 17772


## ਕੈਨੇਡਾ ਵਿੱਚ ਪੰਜਾਬੀ ਨੌਜਵਾਨ ਦੀ ਗੋਲੀਆਂ ਮਾਰ ਕੀਤੀ ਗਈ ਹਤਿਆ

**ਲੋਕ ਬਾਣੀ/ ਰਾਏਕੋਟ, 17 ਨਵੰਬਰ**



ਕੈਨੇਡਾ ਦੇ ਮਿਸੀਸਾਗਾ ਵਿੱਚ ਲੰਘੀ ਰਾਤ ਕਰੀਬ 11 ਵਜੇ ਨੱਥੋਵਾਲ ਦਾ ਨੌਜਵਾਨ ਜਗਰਾਜ ਸਿੰਘ (28 ) ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਪ੍ਰਾਪਤ ਜਾਣਕਾਰੀ ਅਨੁਸਾਰ ਨੱਥੋਵਾਲ ਵਾਸੀ ਜਗਰਾਜ ਸਿੰਘ ਕਰੀਬ 3 ਮਹੀਨੇ ਪਹਿਲਾਂ ਪੜ੍ਹਾਈ ਲਈ ਕੈਨੇਡਾ ਗਿਆ ਸੀ। ਮ੍ਰਿਤਕ ਨੌਜਵਾਨ ਪੜਾਈ ਦੇ ਨਾਲ-ਨਾਲ ਮਿਸੀਸਾਗਾ ਦੇ ਯਾਰਡ ਉੱਪਰ ਸਕਿਉਰਿਟੀ ਗਾਰਡ ਸੀ, ਜਿੱਥੇ ਰਾਤ ਸਮੇਂ ਦੋ ਹਥਿਆਰਬੰਦ ਵਿਅਕਤੀਆਂ ਨੇ ਜਗਰਾਜ ਸਿੰਘ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ।

## ਜੰਮੂ ਕਸ਼ਮੀਰ ਵਿਚ ਫੌਜ ਨੇ 5 ਅਤਵਾਦੀ ਮਾਰੇ

**ਲੋਕ ਬਾਣੀ/ ਸ੍ਰੀਨਗਰ, 17 ਨਵੰਬਰ**



ਜੰਮੂ-ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਵਿੱਚ ਲਸ਼ਕਰ-ਏ-ਤੋਇਬਾ ਦੇ ਪੰਜ ਅਤਿਵਾਦੀ ਮਾਰੇ ਗਏ। ਪੁਲੀਸ ਮੁਤਾਬਕ ਮਾਰੇ ਅਤਿਵਾਦੀਆਂ ਦੀਆਂ ਲਾਸ਼ਾਂ ਨੂੰ ਬਰਾਮਦ ਕੀਤਾ ਜਾ ਰਿਹਾ ਹੈ ਅਤੇ ਖੇਤਰ ਨੂੰ ਸਾਫ਼ ਕੀਤਾ ਜਾ ਰਿਹਾ ਹੈ। ਪੰਜ ਲਾਸ਼ਾਂ ਨੂੰ ਡਰੋਨ ਰਾਹੀਂ ਦੇਖਿਆ ਗਿਆ ਹੈ। ਅਤਿਵਾਦ ਵਿਰੋਧੀ ਮੁਹਿੰਮ ਦੌਰਾਨ ਸੁਰੱਖਿਆ ਬਲਾਂ ਨੇ ਅਤਿਵਾਦੀਆਂ ਨੂੰ ਭੱਜਣ ਤੋਂ ਰੋਕਣ ਲਈ ਇਲਾਕੇ 'ਚ ਘੇਰਾਬੰਦੀ ਕੀਤੀ ਹੋਈ ਹੈ। ਰਾਤ ਭਰ ਸ਼ਾਂਤੀ ਤੋਂ ਬਾਅਦ ਅੱਜ ਤੜਕੇ ਕੁਲਗਾਮ ਦੇ ਨੇਹਾਮਾ ਇਲਾਕੇ ਦੇ ਸਮਾਨੋ 'ਚ ਗੋਲੀਬਾਰੀ ਹੋਈ। ਸੁਰੱਖਿਆ ਬਲਾਂ ਨੇ ਇਲਾਕੇ 'ਚ ਅਤਿਵਾਦੀਆਂ ਦੀ ਮੌਜੂਦਗੀ ਦੀ ਸੂਚਨਾ ਮਿਲਣ 'ਤੇ ਵੀਰਵਾਰ ਨੂੰ ਕੁਲਗਾਮ ਦੇ ਨੇਹਾਮਾ ਪਿੰਡ ਨੂੰ ਘੇਰ ਲਿਆ ਸੀ ਅਤੇ ਤਲਾਸ਼ੀ ਮੁਹਿੰਮ ਚਲਾਈ ਸੀ।

## ਉਤਰਕਾਸ਼ੀ ਸੁਰੰਗ ਵਿਚ ਫਸੇ ਮਜਦੂਰਾਂ ਨੂੰ ਕਢਣ ਲਈ ਸਹਾਇਤਾ ਜਾਰੀ

**ਲੋਕ ਬਾਣੀ/ ਉੱਤਰਕਾਸ਼ੀ, 17 ਨਵੰਬਰ**

ਸਿਲਕਿਆਰਾ ਸੁਰੰਗ ਵਿਚ ਨਵੀਂ ਅਤੇ ਤਾਕਤਵਰ ਡ੍ਰਿਲਿੰਗ ਮਸ਼ੀਨ ਅੱਜ ਸਵੇਰ ਤੱਕ 24 ਮੀਟਰ ਮਲਬੇ ਵਿਚ ਚਲੀ ਗਈ, ਜਿਸ ਨਾਲ ਪਿਛਲੇ ਪੰਜ ਦਿਨਾਂ ਤੋਂ ਇਸ ਵਿਚ ਫਸੇ 40 ਮਜ਼ਦੂਰਾਂ ਦੇ ਜਲਦੀ ਬਾਹਰ ਆਉਣ ਦੀਆਂ ਉਮੀਦਾਂ ਵਧ ਗਈਆਂ ਹਨ। ਸਵੇਰੇ 6 ਵਜੇ ਤੱਕ ਸੁਰੰਗ ਦੇ ਮਲਬੇ ਵਿੱਚ 24 ਮੀਟਰ ਤੱਕ ਡ੍ਰਿਲਿੰਗ' ਕੀਤੀ ਜਾ ਚੁੱਕੀ ਸੀ। ਸੁਰੰਗ ਵਿੱਚ 45 ਤੋਂ 60 ਮੀਟਰ ਤੱਕ ਮਲਬਾ ਹੈ, ਜਿਸ ਵਿੱਚ ਡ੍ਰਿਲਿੰਗ ਕੀਤੀ ਜਾਣੀ ਹੈ। ਯੋਜਨਾ ਇਹ ਹੈ ਕਿ ਡ੍ਰਿਲਿੰਗ ਰਾਹੀਂ ਮਲਬੇ ਵਿੱਚ ਰਸਤਾ ਬਣਾ ਕੇ 800 ਮਿਲੀਮੀਟਰ ਅਤੇ 900 ਮਿਲੀਮੀਟਰ ਵਿਆਸ ਦੀਆਂ ਕਈ ਵੱਡੀਆਂ ਪਾਈਪਾਂ ਨੂੰ ਇੱਕ ਤੋਂ ਬਾਅਦ ਇੱਕ ਇਸ ਤਰ੍ਹਾਂ ਪਾਇਆ ਜਾਵੇਗਾ ਕਿ ਮਲਬੇ ਦੇ ਇੱਕ ਪਾਸੇ ਤੋਂ ਦੂਜੇ ਪਾਸੇ ਹੋਰ ਸੁਰੰਗ ਬਣ ਜਾਵੇ ਅਤੇ ਮਜ਼ਦੂਰ ਇਸ ਵਿੱਚੋਂ ਲੰਘ ਕੇ ਬਾਹਰ ਆ ਸਕਣ।

## ਨੈਨੀਤਾਲ ਵਿੱਚ ਸੜਕ ਹਾਦਸੇ ਦੌਰਾਨ 9 ਦੀ ਹੋਈ ਮੌਤ

**ਲੋਕ ਬਾਣੀ/ ਨੈਨੀਤਾਲ, 17 ਨਵੰਬਰ**

ਉਤਰਾਖੰਡ ਦੇ ਨੈਨੀਤਾਲ ਜ਼ਿਲ੍ਹੇ ਵਿਚ ਅੱਜ ਚੇਦਾਖਾਨ-ਮਿਦਾਰ ਸੜਕ 'ਤੇ ਪਿਕਅੱਪ ਦੇ ਖੱਡ ਵਿਚ ਡਿੱਗਣ ਕਾਰਨ 9 ਯਾਤਰੀਆਂ ਦੀ ਮੌਤ ਹੋ ਗਈ, ਜਦਕਿ 2 ਜ਼ਖਮੀ ਹੋ ਗਏ। ਮਰਨ ਵਾਲਿਆਂ ਪਤੀ-ਪਤਨੀ ਤੇ ਉਨ੍ਹਾਂ ਦਾ ਬੱਚਾ ਸ਼ਾਮਲ ਹੈ। ਨੈਨੀਤਾਲ ਦੇ ਸੀਨੀਅਰ ਪੁਲਿਸ ਕਪਤਾਨ ਪ੍ਰਹਿਲਾਦ ਨਾਰਾਇਣ ਮੀਨਾ ਨੇ ਇੱਥੇ ਦੱਸਿਆ ਕਿ ਹਾਦਸਾ ਸਵੇਰੇ 8 ਵਜੇ ਵਾਪਰਿਆ ਅਤੇ ਉਸ ਸਮੇਂ ਗੱਡੀ ਪਟਲੋਟ ਤੋਂ ਅਮਜਦ ਪਿੰਡ ਜਾ ਰਹੀ ਸੀ। ਸਾਹਮਣੇ ਤੋਂ ਆ ਰਹੇ ਮੋਟਰਸਾਈਕਲ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ ਇਹ ਹਾਦਸਾ ਵਾਪਰਿਆ ਹੈ।

## ਮੁੰਬਈ ਵਿਚ ਊਧਵ ਠਾਕਰੇ ਤੇ ਏਕਨਾਥ ਸ਼ਿੰਦੇ ਧੜੇ ਆਪਸ 'ਚ ਭਿੜੇ

**ਲੋਕ ਬਾਣੀ/ ਮਹਾਰਾਸ਼ਟਰ, 17 ਨਵੰਬਰ**



ਮੁੱਖ ਮੰਤਰੀ ਏਕਨਾਥ ਸ਼ਿੰਦੇ ਵਲੋਂ ਸ਼ਿਵਾਜੀ ਪਾਰਕ ਮੈਦਾਨ 'ਚ ਬਾਲਾ ਸਾਹਿਬ ਦੇ ਸਮਾਰਕ 'ਤੇ ਬਾਲਾ ਸਾਹਿਬ ਠਾਕਰੇ ਨੂੰ ਸ਼ਰਧਾਂਜਲੀ ਦੇਣ ਤੋਂ ਬਾਅਦ ਏਕਨਾਥ ਸ਼ਿੰਦੇ ਧੜੇ ਅਤੇ ਊਧਵ ਠਾਕਰੇ ਧੜੇ ਦੇ ਸਮਰਥਕਾਂ ਵਿਚਾਲੇ ਝੜਪਾਂ ਹੋ ਗਈਆਂ। ਪੁਲਿਸ ਨੇ ਹੋਈ ਝੜਪ ਦੇ ਸੰਬੰਧ ਵਿਚ 50-60 ਅਣਪਛਾਤੇ ਲੋਕਾਂ ਖ਼ਿਲਾਫ਼ ਐਫ਼.ਆਈ.ਆਰ. ਦਰਜ ਕੀਤੀ ਗਈ ਹੈ। ਅਜੇ ਤੱਕ ਕੋਈ ਗ੍ਰਿਫ਼ਤਾਰੀ ਨਹੀਂ ਹੋਈ ਹੈ। ਜਾਣਕਾਰੀ ਅਨੁਸਾਰ ਆਈ.ਪੀ.ਸੀ. ਅਤੇ ਬੰਬੇ ਪੁਲਿਸ ਐਕਟ ਦੀਆਂ ਧਾਰਾਵਾਂ ਤਹਿਤ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।



## ਛੱਤੀਸਗੜ੍ਹ 'ਚ ਨਕਸਲੀ ਹਮਲੇ ਦੌਰਾਨ ਇਕ ਜਵਾਨ ਸ਼ਹੀਦ

**ਲੋਕ ਬਾਣੀ/ ਰਾਏਪੁਰ, 17 ਨਵੰਬਰ**

ਛੱਤੀਸਗੜ੍ਹ ਦੇ ਗੜ੍ਹੀਆਬੰਦ ਵਿਚ ਨਕਸਲੀਆਂ ਵਲੋਂ ਕੀਤੇ ਆਈ.ਈ.ਡੀ. ਧਮਾਕੇ ਵਿਚ ਇਕ ਆਈ.ਟੀ.ਬੀ.ਪੀ. ਦਾ ਜਵਾਨ ਸ਼ਹੀਦ ਹੋ ਗਿਆ।

## ਗੁਜਰਾਤ ਦੇ ਮੁੱਖ ਮੰਤਰੀ ਨੇ ਵਿਸ਼ਵ ਕੱਪ ਫਾਈਨਲ ਮੈਚ ਦੀਆਂ ਤਿਆਰੀਆਂ ਦੀ ਕੀਤੀ ਸਮੀਖਿਆ

**ਲੋਕ ਬਾਣੀ/ ਗਾਂਧੀਨਗਰ, 17 ਨਵੰਬਰ**

– ਮੁੱਖ ਮੰਤਰੀ ਦਫ਼ਤਰ ਤੋਂ ਮਿਲੀ ਜਾਣਕਾਰੀ ਅਨੁਸਾਰ ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਨੇ ਅਹਿਮਦਾਬਾਦ ਵਿਖੇ 19 ਨਵੰਬਰ ਦਿਨ ਐਤਵਾਰ ਨੂੰ ਹੋਣ ਵਾਲੇ ਵਿਸ਼ਵ ਕੱਪ ਕ੍ਰਿਕਟ ਫਾਈਨਲ ਮੈਚ ਦੌਰਾਨ ਸੁਰੱਖਿਆ-ਸਵੱਛਤਾ-ਟਰੈਫਿਕ ਪ੍ਰਬੰਧਾਂ ਆਦਿ ਸੰਬੰਧੀ ਇਕ ਉੱਚ ਪੱਧਰੀ ਮੀਟਿੰਗ ਕਰਕੇ ਵਿਆਪਕ ਸਮੀਖਿਆ ਕੀਤੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਆਸਟਰੇਲੀਆ ਦੇ ਉਪ ਪ੍ਰਧਾਨ ਮੰਤਰੀ ਰਿਚਰਡ ਮਾਰਲਸ ਅਹਿਮਦਾਬਾਦ ਦੇ ਨਰਿੰਦਰ ਮੋਦੀ ਕ੍ਰਿਕਟ ਸਟੇਡੀਅਮ 'ਚ ਆਈ.ਸੀ.ਸੀ. ਕ੍ਰਿਕਟ ਵਿਸ਼ਵ ਕੱਪ ਫਾਈਨਲ ਮੈਚ ਦੇਖਣਗੇ। ਮੁੱਖ ਮੰਤਰੀ ਨੇ ਸੁਰੱਖਿਆ ਪ੍ਰਬੰਧਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਲਈ।


ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਟਰੇਨ ਨੂੰ ਲੱਗੀ ਭਿਆਨਕ ਅੱਗ! ਯਾਤਰੀਆਂ ਨੇ ਮਾਰੀਆਂ ਛਾਲਾਂ, 19 ਗੰਭੀਰ ਜ਼ਖਮੀ

**ਲੋਕ ਬਾਣੀ/ ਨਵੀਂ ਦਿੱਲੀ, 17 ਨਵੰਬਰ**

ਉੱਤਰ ਪ੍ਰਦੇਸ਼ ਦੇ ਇਟਾਵਾ ਨੇੜੇ ਬੁੱਧਵਾਰ ਰਾਤ ਵੈਸ਼ਾਲੀ ਐਕਸਪ੍ਰੈਸ ਦੇ ਇੱਕ ਡੱਬੇ ਨੂੰ ਅੱਗ ਲੱਗ ਗਈ। ਜਾਣਕਾਰੀ ਮੁਤਾਬਕ ਇਸ ਹਾਦਸੇ 'ਚ 19 ਯਾਤਰੀ ਜ਼ਖਮੀ ਹੋ ਗਏ ਹਨ।

ਕੁਝ ਯਾਤਰੀਆਂ ਨੇ ਟਰੇਨ ਤੋਂ ਛਾਲ ਮਾਰ ਕੇ ਆਪਣੀ ਜਾਨ ਬਚਾਈ ਹੈ। ਦੱਸ ਦੇਈਏ ਕਿ ਟਰੇਨ ਦਿੱਲੀ ਤੋਂ ਸਹਰਸਾ ਜਾ ਰਹੀ ਸੀ। ਟਰੇਨ ਦੀ ਐੱਸ-6 ਡਿੱਬੇ 'ਚ ਅੱਗ ਲੱਗ ਗਈ।

ਰੇਲਵੇ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਅੱਗ ਲੱਗਣ ਸਮੇਂ ਟਰੇਨ ਦੀ ਰਫਤਾਰ 25 ਕਿਲੋਮੀਟਰ ਪ੍ਰਤੀ ਘੰਟਾ ਸੀ।

ਡੱਬੇ 'ਚੋਂ ਧੂੰਆਂ ਨਿਕਲਦਾ ਦੇਖ ਕੇ ਲੋਕਾਂ ਨੇ ਟੀਟੀਈ ਨੂੰ ਸੂਚਨਾ ਦਿੱਤੀ। ਇਸ ਤੋਂ ਬਾਅਦ ਟਰੇਨ ਨੂੰ ਪਲੇਟਫਾਰਮ ਦੇ ਅੱਗੇ ਰੋਕ ਦਿੱਤਾ ਗਿਆ।

# ਲਿਫ਼ਟਿੰਗ ਤੇਜ਼ੀ ਨਾਲ ਜਾਰੀ, ਖ਼੍ਰੀਦ ਕੀਤੇ ਝੋਨੇ ਵਿੱਚੋਂ 85.01 ਫੀਸਦੀ ਲਿਫ਼ਟਿੰਗ ਮੁਕੰਮਲ-ਡਿਪਟੀ ਕਮਿਸ਼ਨਰ

## ਕਿਸਾਨਾਂ ਨੂੰ ਹੁਣ ਤੱਕ 861.24 ਕਰੋੜ ਰੁਪਏ ਦੀ ਅਦਾਇਗੀ

**ਲੋਕ ਬਾਣੀ/ ਮਾਲੇਰਕੋਟਲਾ/ਅਮਰਗੜ੍ਹ 17 ਨਵੰਬਰ ( ਵਰਿੰਦਰ ਗਿੱਲ )**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਦੀਆਂ ਮੰਡੀਆਂ ਵਿੱਚ ਸੁਚੱਜੇ ਖ਼੍ਰੀਦ ਪ੍ਰਬੰਧ ਕੀਤੇ ਹਨ ਅਤੇ ਖ਼੍ਰੀਦ ਦੇ ਨਾਲ ਨਾਲ ਲਿਫਟਿੰਗ ਦਾ ਕੰਮ ਵੀ ਤੇਜ਼ੀ ਨਾਲ ਚਲਾਇਆ ਜਾ ਰਿਹਾ ਹੈ। ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾ ਰਹੀ। ਖ਼੍ਰੀਦ ਕੀਤੇ ਗਏ ਝੋਨੇ ਦੀ ਕਿਸਾਨਾਂ ਨੂੰ ਹੁਣ ਤੱਕ 861.24 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਦੇ ਬੈਂਕ ਖਾਤਿਆ ਵਿੱਚ ਸਿੱਧੀ ਕੀਤੀ ਜਾ ਚੁੱਕੀ ਹੈ, ਜਿਹੜੀ ਕਿ 95.8 ਫੀਸਦੀ ਬਣਦੀ ਹੈ, ਭਾਵ ਖ਼੍ਰੀਦ ਕੀਤੇ ਗਏ ਝੋਨੇ ਦੀ ਨਾਲੋ ਨਾਲ ਕਿਸਾਨਾਂ ਨੂੰ ਅਦਾਇਗੀ ਕੀਤੀ ਜਾ ਰਹੀ ਹੈ। ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਡਾ ਪੱਲਵੀ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 436763 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ 432460 ਮੀਟ੍ਰਿਕ ਟਨ ਝੋਨੇ ਦੀ ਖ਼੍ਰੀਦ ਵੱਖ ਵੱਖ ਏਜੰਸੀਆਂ ਵੱਲੋਂ ਕੀਤੀ ਜਾ ਚੁੱਕੀ ਹੈ ਭਾਵ ਮੰਡੀਆਂ ਵਿੱਚ ਪਹੁੰਚੇ ਝੋਨੇ ਵਿੱਚੋਂ 99 ਫੀਸਦੀ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਪ੍ਰਕਾਰ ਦੀ ਮੁਸ਼ਕਿਲ ਨਹੀਂ ਪੇਸ਼ ਆਉਣ ਦਿੱਤੀ ਜਾ ਰਹੀ।ਖਰੀਦ ਕੀਤੇ ਗਏ ਝੋਨੇ ਵਿੱਚੋਂ 85.1 ਫੀਸਦੀ ਦੀ ਚੁਕਾਈ ਕਰਵਾਈ ਜਾ ਚੁੱਕੀ ਹੈ।



ਡਾ ਪੱਲਵੀ ਨੇ ਵੱਖ-ਵੱਖ ਖ਼੍ਰੀਦ ਏਜੰਸੀਆਂ ਵੱਲੋਂ ਖ਼੍ਰੀਦ ਕੀਤੇ ਗਏ ਝੋਨੇ ਦਾ ਏਜੰਸੀ ਵਾਈਜ਼ ਵੇਰਵਾ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵੱਲੋਂ 252653 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 944740 ਮੀਟ੍ਰਿਕ ਟਨ, ਪਨਸਪ ਵੱਲੋਂ 60289 ਮੀਟ੍ਰਿਕ ਟਨ, ਪੰਜਾਬ ਵੇਅਰ ਹਾਊਸ ਵੱਲੋਂ 30145 ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 355 ਮੀਟ੍ਰਿਕ ਟਨ ਝੋਨਾ ਖਰੀਦਿਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲੇ ਅੰਦਰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ ਨਾਲ ਕਾਰਗਰ ਢੰਗ ਨਾਲ ਹਰ ਹੀਲੇ ਨਿਪਟਿਆ ਜਾ ਰਿਹਾ ਹੈ। ਪਰਾਲੀ ਸਾੜਨ ਦੀਆਂ ਘਟਨਾਵਾਂ ਨਾਲ ਨਜਿੱਠਣ ਲਈ ਨੋਡਲ ਅਫ਼ਸਰਾਂ/ਕਲੱਸਟਰ ਅਫ਼ਸਰਾਂ ਦੀਆਂ ਟੀਮਾਂ ਲਗਾਤਾਰ ਕੰਮ ਕਰ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਦੱਸਿਆ ਕਿ ਕੋਈ ਵੀ ਕਿਸਾਨ ਸੁਪਰ ਐਸ.ਐਮ.ਐਸ. ਲੱਗੇ ਵਾਲੀ ਕੰਬਾਈਨ ਤੋਂ ਬਗੈਰ ਝੋਨੇ ਦੀ ਵਢਾਈ ਨਾ ਕਰਵਾਉਣ ਕਿਉਂਕਿ ਇਹ ਗੈਰਕਾਨੂੰਨੀ ਹੈ। ਕਿਸਾਨ ਝੋਨੇ ਦੀ ਪਰਾਲੀ ਜਾਂ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਏ ਬਿਨ੍ਹਾਂ ਖੇਤੀ ਕਰਕੇ ਵਾਤਾਵਰਨ ਦੀ ਸ਼ੁੱਧਤਾ ਵਿੱਚ ਆਪਣਾ ਯੋਗਦਾਨ ਪਾਉਣ।

# 3704 ਅਧਿਆਪਕ ਯੂਨੀਅਨ ਨੇ ਵੀ ਮਾਨ ਸਰਕਾਰ ਖ਼ਿਲਾਫ਼ ਵਜਾਇਆ ਸੰਘਰਸ਼ੀ ਬਿਗੁਲ, 26 ਨਵੰਬਰ ਦੀ ਸੰਗਰੂਰ ਰੈਲੀ 'ਚ ਲੈਣਗੇ ਹਿੱਸਾ!

**ਲੋਕ ਬਾਣੀ/ ਮਾਨਸਾ, 17 ਨਵੰਬਰ**

3704 ਅਧਿਆਪਕ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ ਮਾਨਸਾ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਬਾਲ ਭਵਨ ਮਾਨਸਾ ਵਿਖੇ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ 26 ਨਵੰਬਰ ਦੀ ਸੰਗਰੂਰ ਵਿਖੇ ਹੋਣ ਵਾਲੀ ਸੰਯੁਕਤ ਅਧਿਆਪਕ ਫ਼ਰੰਟ ਦੀ ਸੂਬਾ ਪੱਧਰੀ ਰੈਲੀ ਲਈ ਅਧਿਆਪਕਾਂ ਦੀ ਲਾਮਬੰਦੀ ਲਈ ਯੋਜਨਾਬੰਦੀ ਕੀਤੀ ਗਈ।



ਜ਼ਿਲ੍ਹਾ ਪ੍ਰਧਾਨ ਜਗਜੀਵਨਜੋਤ ਸਿੰਘ ਅਤੇ ਜ਼ਿਲ੍ਹਾ ਆਗੂ ਮਨਜਿੰਦਰ ਸਿੰਘ ਨੇ ਦੱਸਿਆ ਪੰਜਾਬ ਸਰਕਾਰ ਦਾ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਪ੍ਰਤੀ ਰਵੱਈਆ ਬਹੁਤ ਹੀ ਨਕਾਰਾਤਮਕ ਹੈ। ਪਿਛਲੇ ਵਰ੍ਹੇ ਸਰਕਾਰ ਨੇ ਪੁਰਾਣੀ ਪੈਨਸ਼ਨ ਦਾ ਆਰਜ਼ੀ ਨੋਟੀਫਿਕੇਸ਼ਨ ਜਾਰੀ ਕਰਕੇ ਮੁਲਾਜ਼ਮਾਂ ਨਾਲ਼ ਕੋਝਾ ਮਜ਼ਾਕ ਕੀਤਾ, ਸਰਕਾਰ ਵੱਲੋਂ ਅੱਜ ਤੱਕ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਗਈ।

ਆਪ ਸਰਕਾਰ ਵੀ ਪੰਜਾਬ ਦੇ ਨਵੇਂ ਰੈਗੂਲਰ ਭਰਤੀ ਮੁਲਾਜ਼ਮਾਂ 'ਤੇ ਕਾਂਗਰਸ ਸਰਕਾਰ ਦੇ ਪੂਰਨਿਆਂ 'ਤੇ ਚੱਲਦੇ ਹੋਏ ਜ਼ਬਰੀ ਕੇਂਦਰੀ ਪੇਅ ਸਕੇਲ ਥੋਪ ਰਹੀ ਹੈ ਤੇ 15-01-2015 ਦਾ ਨੋਟੀਫਿਕੇਸ਼ਨ ਮਾਨਯੋਗ ਹਾਈ ਕੋਰਟ ਵੱਲੋਂ ਡਬਲ ਬੈਂਚ 'ਤੇ ਵੀ ਰੱਦ ਕਰ ਦਿੱਤਾ ਗਿਆ ਹੈ ਤੇ ਪ੍ਰੋਬੇਸ਼ਨ ਪੀਰੀਅਡ ਦੌਰਾਨ ਪੂਰੇ ਸਕੇਲਾਂ 'ਤੇ ਤਨਖ਼ਾਹ ਦੇਣ ਦਾ ਫੈਸਲਾ ਕਰ ਦਿੱਤਾ ਹੈ ਤੇ ਮੁਲਾਜ਼ਮਾਂ ਦਾ ਬਕਾਇਆ ਤਿੰਨ ਮਹੀਨਿਆਂ ਵਿੱਚ ਅਦਾ ਕਰਨ ਦਾ ਫੈਸਲਾ ਸੁਣਾ ਦਿੱਤਾ ਹੈ।

ਪਰ ਇਸ ਦੇ ਉਲਟ ਸਰਕਾਰ ਸੁਪਰੀਮ ਕੋਰਟ ਚਲੀ ਗਈ ਹੈ। ਆਨਲਾਈਨ ਬਦਲੀ ਪਾਲਿਸੀ ਵਿੱਚ ਤਰੁੱਟੀਆਂ ਹੋਣ ਕਾਰਨ ਬਹੁਤੇ ਅਧਿਆਪਕ ਆਪਣੇ ਘਰਾਂ ਤੋਂ ਲੰਮੀ ਦੂਰੀ 'ਤੇ ਸੇਵਾਵਾਂ ਨਿਭਾਉਣ ਲਈ ਮਜਬੂਰ ਹਨ। 6505 ਅਧਿਆਪਕ ਜਥੇਬੰਦੀਆਂ ਦੇ ਪ੍ਰਧਾਨ ਜੋਗਿੰਦਰ ਸਿੰਘ ਵਰ੍ਹੇ ਤੇ 6060 ਅਧਿਆਪਕ ਯੂਨੀਅਨ ਦੇ ਜ਼ਿਲ੍ਹਾ ਆਗੂ ਨਵੀਨ ਬੋਹਾ ਨੇ ਦੱਸਿਆ ਕਿ ਚੋਣ ਵਾਅਦੇ ਮੁਤਾਬਕ ਛੇਵੇਂ ਪੇਅ ਕਮਿਸ਼ਨ ਦੀ ਰਿਪੋਰਟ ਵੀ ਪੂਰਨ ਰੂਪ ਵਿੱਚ ਲਾਗੂ ਨਹੀਂ ਕੀਤੀ।

ਨਾ ਹੀ ਕੰਪਿਊਟਰ ਅਧਿਆਪਕਾਂ 'ਤੇ ਪੇਅ ਕਮਿਸ਼ਨ ਲਾਗੂ ਕੀਤਾ ਹੈ, ਪੇਂਡੂ ਭੱਤੇ ਸਮੇਤ 37 ਪ੍ਰਕਾਰ ਦੇ ਭੱਤੇ ਵੀ ਕੱਟੇ ਹੋਏ ਹਨ। ਨਾ ਹੀ ਏ.ਸੀ.ਪੀ. ਇੰਕਰੀਮੈਂਟ ਬਹਾਲ ਕੀਤਾ ਗਿਆ ਹੈ, ਨਾ ਹੀ ਡੀ.ਏ. ਦੀ ਕੋਈ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਗਈਆਂ ਹਨ।

ਇਸ ਦੇ ਰੋਸ ਵਜੋਂ ਆਗੂਆਂ ਨੇ ਸਮੁੱਚੇ ਪੰਜਾਬ ਦੇ 3704 ਮਾਸਟਰ ਕੇਡਰ ਭਰਤੀ ਦੇ ਅਧਿਆਪਕਾਂ ਨੂੰ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋ ਕੇ ਪੰਜਾਬ ਸਰਕਾਰ ਆਪਣਾ ਰੋਹ ਦਰਜ਼ ਕਰਵਾਉਂਦੇ ਹੋਏ ਮੰਗਾਂ ਮੰਨਵਾਉਣ ਦਾ ਸੱਦਾ ਦਿੱਤਾ। ਇਸ ਮੌਕੇ ਦਵਿੰਦਰ ਸਿੰਘ ਖਜ਼ਾਨਚੀ, ਜਸਵੀਰ ਅਲੀਸ਼ੇਰ, ਜਸਵੀਰ ਸਿੰਘ, ਹਰਜਿੰਦਰ ਸਿੰਘ, ਜਸਵੀਰ ਰਾਏਪੁਰ, ਗੁਰਵਿੰਦਰ ਸਿੰਘ, ਨਵਦੀਪ ਸਿੰਘ, ਵਿਸ਼ਾਲ ਚੌਹਾਨ, ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੋਬਿੰਦ ਰਾਮ, ਜਗਸੀਰ ਰਾਮ, ਸੰਦੀਪ ਸਿੰਘ, ਰਣਜੀਤ ਸਿੰਘ, ਸੁਖਜੀਤ ਸਿੰਘ ਆਦਿ ਆਗੂ ਮੌਜੂਦ ਸਨ।

## ਮੌਸਮ ਵਿਭਾਗ ਪੰਜਾਬ ਵੱਲੋਂ ਅਲਰਟ ਜਾਰੀ!

**ਲੋਕ ਬਾਣੀ/ ਚੰਡੀਗੜ੍ਹ, 17 ਨਵੰਬਰ**

ਮੌਸਮ ਵਿਭਾਗ ਪੰਜਾਬ ਵੱਲੋਂ ਸੂਬੇ ਵਿੱਚ ਮੌਸਮ ਨੂੰ ਲੈ ਕੇ ਇਕ ਵਾਰ ਫਿਰ ਮੀਂਹ ਨੂੰ ਲੈ ਕੇ ਨਹੀਂ, ਬਲਕਿ ਧੁੰਦ ਪੈਣ ਬਾਰੇ ਅਲਰਟ ਜਾਰੀ ਕਰ ਦਿੱਤਾ ਗਿਆ ਹੈ।

ਮੌਸਮ ਵਿਭਾਗ ਦੁਆਰਾ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ, ਸੂਬੇ ਵਿੱਚ ਠੰਡ ਵਧਦੀ ਜਾ ਰਹੀ ਹੈ ਅਤੇ ਕੁਝ ਥਾਵਾਂ 'ਤੇ ਧੁੰਦ ਪੈਣ ਦੀਆਂ ਵੀ ਖਬਰਾਂ ਹਨ। ਇਸ ਤੋਂ ਇਲਾਵਾ, ਹਾਲ ਦੀ ਘੜੀ ਸੂਬੇ ਅੰਦਰ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ।

ਰੋਜ਼ਾਨਾ ਲੋਕ ਬਾਣੀ

ਦੂਜੇ ਪਾਸੇ ਵਿਭਾਗ ਨੇ ਘਰੋਂ ਬਾਹਰ ਰੋਜ਼ਾਨਾ ਕੰਮ ਧੰਦਿਆਂ ਲਈ ਜਾਣ ਵਾਲਿਆਂ ਲਈ ਅਲਰਟ ਜਾਰੀ ਕੀਤਾ ਹੈ ਕਿ ਸੜਕੀ ਹਾਦਸਿਆਂ ਤੋਂ ਬਚਣ ਵਾਸਤੇ ਘਰਾਂ ਤੋਂ ਬਾਹਰ ਨਿਕਲਣ ਤੋਂ ਪਹਿਲਾਂ ਮੌਸਮ ਜਰੂਰ ਚੈੱਕ ਕਰੋ ਅਤੇ ਧੁੰਦ ਵਿੱਚ ਸਫ਼ਰ ਕਰਦੇ ਸਮੇਂ ਵਾਹਨ ਦੀ ਰਫਤਾਰ ਹੌਲੀ ਰੱਖੋ।

ਹਾਲਾਂਕਿ ਮੌਸਮ ਵਿਭਾਗ ਵੱਲੋਂ ਕਿਹਾ ਗਿਆ ਹੈ ਕਿ, ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ, ਬਲਕਿ ਸੂਬੇ ਵਿੱਚ ਧੁੰਦ ਦੇ ਬੱਦਲ ਛਾਏ ਰਹਿਣਗੇ ਅਤੇ ਇਸ ਨਾਲ ਮੌਸਮ ਵਿਚ ਆ ਤਬਦੀਲੀ ਆਵੇਗੀ ਤੇ ਠੰਡ ਵਧੇਗੀ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 17 ਨਵੰਬਰ (ਦਵਿੰਦਰਪਾਲ ਸਿੰਘ)**






ਸ੍ਰੀ ਅਨੰਦਪੁਰ ਸਾਹਿਬ ਫਾਊਂਡੇਸ਼ਨ ਅਤੇ ਸਤਿਗੁਰੂ ਓਟ ਆਸਰਾ ਐਸੋਸੀਏਸ਼ਨ ਵੱਲੋਂ ਸਾਂਝੇ ਤੌਰ ਤੇ ਸ਼ਹਿਰ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਅਤੇ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੀ ਛਤਰ ਛਾਇਆ ਹੇਠ ਬੀਤੀ ਸ਼ਾਮ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ ਗਿਆ। ਸ਼ਾਮ 8 ਵਜੇ ਤੋਂ ਰਾਤ 10 ਵਜੇ ਤੱਕ ਕਰਵਾਏ ਗਏ ਇਸ ਕੀਰਤਨ ਸਮਾਗਮ ਵਿੱਚ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋਰ ਸਿੰਘ ਜੀ ਅਤੇ ਉੱਘੇ ਕੀਰਤਨੀਏ ਭਾਈ ਕਮਲਦੀਪ ਸਿੰਘ ਨੰਗਲ ਵਾਲਿਆਂ ਦੇ ਜੱਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਕੀਰਤਨ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵੱਲੋਂ ਜਿੱਥੇ ਆਈਆਂ ਸੰਗਤਾਂ ਦਾ ਸਵਾਗਤ ਕੀਤਾ ਗਿਆ ਉੱਥੇ ਹੀ ਉਹਨਾਂ ਵੱਲੋਂ ਕੀਰਤਨ ਸਮਾਗਮ ਕਰਵਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਫਾਊਂਡੇਸ਼ਨ ਅਤੇ ਸਤਿਗੁਰੂ ਓਟ ਆਸਰਾ ਐਸੋਸੀਏਸ਼ਨ ਦੀ ਸ਼ਲਾਘਾ ਵੀ ਕੀਤੀ ਗਈ। ਜਥੇਦਾਰ ਸੰਤੋਖ ਸਿੰਘ ਵੱਲੋਂ ਸਟੇਜ ਦੀ ਸੇਵਾ ਨਿਭਾਈ ਗਈ ਅਤੇ ਸਮਾਗਮ ਦੀ ਸਮਾਪਤੀ ਦੀ ਅਰਦਾਸ ਤਖਤ ਸਾਹਿਬ ਦੇ ਹੈਡ ਗ੍ਰੰਥੀ ਭਾਈ ਜੋਗਿੰਦਰ ਸਿੰਘ ਜੀ ਵੱਲੋਂ ਕੀਤੀ ਗਈ। ਗੁਰੂ ਕੇ ਲੰਗਰ ਦੀ ਸੇਵਾ ਇਸਤਰੀ ਸਤਿਸੰਗ ਸਭਾ ਵੱਲੋਂ ਨਿਭਾਈ ਗਈ। ਇਸ ਮੌਕੇ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਗੁਰਪ੍ਰੀਤ ਸਿੰਘ ਰੋਡੇ, ਐਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਇਸਤਰੀ ਸਤਸੰਗ ਸਭਾ ਦੇ ਪ੍ਰਧਾਨ ਬੀਬੀ ਗੁਰਚਰਨ ਕੌਰ, ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਚਰਨਜੀਤ ਸਿੰਘ, ਮਨਿੰਦਰਪਾਲ ਸਿੰਘ ਮਨੀ, ਦਲਬੀਰ ਸਿੰਘ ਧੂੜੀਆ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ, ਨਰਿੰਦਰ ਸਿੰਘ, ਤਰਨਜੀਤ ਸਿੰਘ, ਸਾਬਕਾ ਐਸ ਈ ਦਵਿੰਦਰ ਸਿੰਘ, ਜਸਵਿੰਦਰ ਸਿੰਘ ਰਾਜਾ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

## ਅੱਜ ਬਿਜਲੀ ਬੰਦ ਰਹੇਗੀ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 17 ਨਵੰਬਰ (ਦਵਿੰਦਰਪਾਲ ਸਿੰਘ)**

132 ਕੇਵੀ ਗ੍ਰਿਡ ਸਬ- ਸਟੇਸ਼ਨ ਸ੍ਰੀ ਅਨੰਦਪੁਰ ਸਾਹਿਬ ਵਿਖੇ 11 ਕੇਵੀ ਬਸ-ਬਾਰ ਦੀ ਜਰੂਰੀ ਮੁਰੰਮਤ ਕਰਕੇ ਇਸ ਸਬ ਸਟੇਸ਼ਨ ਤੋਂ ਚੱਲਦੇ ਸ਼੍ਰੀ ਅਨੰਦਪੁਰ ਸਾਹਿਬ ਸ਼ਹਿਰੀ-1, ਸ਼ਹਿਰੀ-2, ਢੇਰ, ਲਮਲਹਿੜੀ ਅਤੇ ਸਿਵਿਲ ਹਸਪਤਾਲ ਫੀਡਰਾਂ ਦੀ ਸਪਲਾਈ ਮਿਤੀ 18.11.2023 ਦਿਨ ਸ਼ਨੀਵਾਰ ਨੂੰ ਸਵੇਰੇ 9:00 ਵਜੇ ਤੋਂ ਸ਼ਾਮ 3:00 ਵਜੇ ਤੱਕ ਬੰਦ ਰਹੇਗੀ। ਕੰਮ ਦੌਰਾਨ ਲੋੜ ਅਨੁਸਾਰ ਇਹ ਸਮਾਂ ਘੱਟ ਵੱਧ ਸਕਦਾ ਹੈ। ਇਸ ਦੌਰਾਨ ਸ਼੍ਰੀ ਅਨੰਦਪੁਰ ਸਾਹਿਬ ਸ਼ਹਿਰ , ਸਿਵਲ ਹਸਪਤਾਲ, ਮਟੋਰ, ਮਜਾਰਾ, ਲਮਲਹਿੜੀ, ਝਿੰਜੜੀ, ਰਾਮਪੁਰ, ਜੱਜਰ, ਗੰਗੂਵਾਲ, ਸੱਧੇਵਾਲ, ਸਜਮੋਰ, ਗੰਭੀਰਪੁਰ ਉੱਪਰਲਾ, ਸੁਰੇਵਾਲ, ਬਾਸੋਵਾਲ, ਬੀਕਾਪੁਰ ਆਦਿ ਪਿੰਡਾਂ ਦੀ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ । ਇਸ ਲਈ ਇਹਨਾਂ ਪਿੰਡਾਂ ਦੇ ਖਪਤਕਾਰਾਂ ਵੱਲੋਂ ਲੋੜੀਂਦੇ ਬਦਲਵੇਂ ਪ੍ਰਬੰਧ ਆਪਣੇ ਤੌਰ ਤੇ ਕਰ ਲਏ ਜਾਣ। ਇਹ ਜਾਣਕਾਰੀ ਸਹਾਇਕ ਕਾਰਜਕਾਰੀ ਇੰਜੀਨੀਅਰ, ਪੀ.ਐਸ.ਪੀ ਸੀ.ਐਲ. ਸ਼੍ਰੀ ਅਨੰਦਪੁਰ ਸਾਹਿਬ ਵੱਲੋਂ ਦਿੱਤੀ ਗਈ।

# ਉਦਯੋਗ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ - ਡਾਇਰੈਕਟਰ ਡੀ.ਪੀ.ਐਸ. ਖਰਬੰਦਾ ਆਈ.ਏ.ਐਸ

**ਸਥਾਨਕ ਬੱਚਤ ਭਵਨ ਵਿਖੇ ਨਿਵੇਸ਼ਕਾਂ ਨਾਲ ਮੀਟਿੰਗ ਦੀ ਕੀਤੀ ਪ੍ਰਧਾਨਗੀ, ਉਦਯੋਗਪਤੀਆਂ ਦੀਆਂ ਸੁਣੀਆਂ ਮੁਸ਼ਕਿਲਾਂ, ਮੌਕੇ 'ਤੇ ਹੀ ਕਰਵਾਇਆ ਨਿਪਟਾਰਾ**

**ਲੋਕ ਬਾਣੀ/ ਲੁਧਿਆਣਾ, 17 ਨਵੰਬਰ (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)**




ਇਨਵੈਸਟ ਪੰਜਾਬ ਦੇ ਸੀ.ਈ.ਓ-ਕਮ-ਉਦਯੋਗ ਅਤੇ ਵਣਜ ਵਿਭਾਗ ਦੇ ਡਾਇਰੈਕਟਰ ਸ. ਡੀ.ਪੀ.ਐਸ. ਖਰਬੰਦਾ (ਆਈ.ਏ.ਐਸ.) ਦੀ ਪ੍ਰਧਾਨਗੀ ਹੇਠ ਸਥਾਨਕ ਬੱਚਤ ਭਵਨ ਵਿਖੇ ਮੀਟਿੰਗ ਦਾ ਆਯੋਜਨ ਹੋਇਆ ਜਿਸ ਵਿੱਚ ਉਦਯੋਗਪਤੀਆਂ ਦੇ ਲੰਬਿਤ ਮਾਮਲਿਆਂ ਦੀ ਸਮੀਖਿਆ ਕੀਤੀ ਗਈ।

ਇਸ ਮੌਕੇ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ ਸ੍ਰੀ ਰਾਕੇਸ਼ ਕਾਂਸਲ ਤੋਂ ਇਲਾਵਾ ਪੀ.ਪੀ.ਸੀ.ਬੀ., ਕਿਰਤ ਵਿਭਾਗ, ਉਦਯੋਗ ਵਿਭਾਗ, ਪੀ.ਐਸ.ਪੀ.ਸੀ.ਐਲ., ਕਰ ਵਿਭਾਗ, ਆਦਿ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਡਾਇਰੈਕਟਰ ਸ. ਡੀ.ਪੀ.ਐਸ. ਖਰਬੰਦਾ ਵਲੋਂ ਸਪੱਸ਼ਟ ਕੀਤਾ ਗਿਆ ਕਿ ਨਿਵੇਸ਼ਕਾਂ ਵਲੋਂ ਦਿੱਤੀਆਂ ਪ੍ਰਤੀਬੇਨਤੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਦਯੋਗ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਵਚਨਬੱਧ ਹੈ ਅਤੇ ਉਦਯੋਗਪਤੀਆਂ ਨੂੰ ਨਵੇਂ ਉਦਯੋਗ ਸਥਾਪਿਤ ਕਰਨ ਵਿੱਚ ਹਰ ਸੰਭਵ ਸਹਿਯੋਗ ਕਰਦਿਆਂ ਉਨ੍ਹਾਂ ਵਲੋਂ ਦਿੱਤੀਆਂ ਪ੍ਰਤੀਬੇਨਤੀਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ। ਉਨ੍ਹਾ ਨਿਵੇਸ਼ਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਵਿਭਾਗਾਂ ਦੁਆਰਾ ਲਾਏ ਇਤਰਾਜ਼ਾਂ ਨੂੰ ਜਲਦ ਤੋਂ ਜਲਦ ਹੱਲ ਕਰਨ ਤਾਂ ਜੋ ਉਨ੍ਹਾਂ ਦੇ ਲੰਬਿਤ ਮਾਮਲਿਆਂ ਦਾ ਜਲਦ ਨਿਪਟਾਰਾ ਕੀਤਾ ਜਾ ਸਕੇ। ਉਨ੍ਹਾ ਕਿਹਾ ਕਿ ਸੂਬੇ ਵਿੱਚ ਵੱਧ ਤੋਂ ਵੱਧ ਨਿਵੇਸ਼ ਉਨ੍ਹਾ ਦਾ ਮੁੱਖ ਟੀਚਾ ਹੈ ਜਿਸ ਨਾਲ ਜਿੱਥੇ ਉਦਯੋਗ ਨੂੰ ਹੁਲਾਰਾ ਮਿਲੇਗਾ ਉੱਥੇ ਸਾਡੇ ਨੌਜਵਾਨ ਵੀ ਵੱਧ ਤੋਂ ਵੱਧ ਰੋਜ਼ਗਾਰ ਪ੍ਰਾਪਤ ਕਰ ਸਕਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਨਿਰੰਤਰ ਯਤਨਾਂ ਸਦਕਾ ਹੁਣ ਪੰਜਾਬ ਵਿੱਚੋਂ ਦੂਜੇ ਸੂਬਿਆਂ ਵਿੱਚ ਇੰਡਸਟਰੀ ਦੇ ਹਿਜਰਤ ਕਰਨ ਦੇ ਰੁਝਾਨ ਨੇ ਪੁੱਠਾ ਮੋੜ ਲੈਣਾ ਸ਼ੁਰੂ ਕਰ ਦਿੱਤਾ ਹੈ ਅਤੇ ਉਦਯੋਗਿਕ ਯੂਨਿਟ ਸੂਬੇ ਵਿੱਚ ਸ਼ਿਫ਼ਟ ਹੋਣ ਲੱਗੇ ਹਨ। ਇਸ ਮੌਕੇ ਵੱਖ-ਵੱਖ ਉੱਘੀਆਂ ਇਕਾਈਆਂ ਦੇ ਨੁਮਾਇੰਦੇ ਵੀ ਮੌਜੂਦ ਸਨ ਜਿਨ੍ਹਾਂ ਦੀਆਂ ਮੁਸ਼ਕਿਲਾਂ ਦਾ ਮੌਕੇ @ਤੇ ਨਿਪਟਾਰਾ ਕਰਵਾਇਆ ਗਿਆ ਜਦਕਿ ਕੁੱਝ ਸਮੱਸਿਆਵਾਂ ਲਈ ਸਬੰਧਤ ਅਧਿਕਾਰੀਆਂ ਨੂੰ ਸਮਾਂ ਸੀਮਾ ਵੀ ਨਿਰਧਾਰਿਤ ਕੀਤੀ ਗਈ।

# ਜੋਤ ਸਮਰ ਤੇ ਵਿਰਾਸਤ ਕੌਰ ਵੱਲੋਂ ਪਾਲਕੀ ਸਾਹਿਬ ਵਾਲੀ ਗੱਡੀ ਕੀਤੀ ਬਾਬਾ ਮੋਤੀ ਰਾਮ ਮਹਿਰਾ ਟਰੱਸਟ ਨੂੰ ਭੇਟ

ਲੋਕ ਬਾਣੀ/ ਫਤਿਹਗੜ੍ਹ ਸਾਹਿਬ : 17 ਨਵੰਬਰ ( ਸੁਖਚੈਨ ਮਹਿਰਾ)



ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਟਰਸਟ ਦੇ ਚੇਅਰਮੈਨ ਨਿਰਮਲ ਸਿੰਘ ਐਸ.ਐਸ ਨੇ ਗੁਰਦੁਆਰਾ ਬਾਬਾ ਮੋਤੀ ਰਾਮ ਮਹਿਰਾ ਲਈ ਮੋਰਿੰਡਾ ਨਿਵਾਸੀ ਜੋਤ ਸਮਰ ਅਤੇ ਵਿਰਾਸਤ ਕੌਰ ਵੱਲੋਂ ਪਾਲਕੀ ਸਾਹਿਬ ਵਾਲੀ ਵੈਨ ਗੱਡੀ ਭੇਟ ਕਰਨ ਤੇ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਜੀ ਸੇਵਾ ਕਰਨ ਵਾਲਿਆਂ ਨੂੰ ਹਮੇਸ਼ਾਂ ਚੜਦੀ ਕਲਾਂ ਵਿੱਚ ਰੱਖੇ ਅਤੇ ਗੁਰੂ ਦਾ ਮੇਹਰ ਭਰਿਆ ਹੱਥ ਇਸ ਪਰਿਵਾਰ ਤੇ ਬਣਿਆ ਰਹੇ । ਚੇਅਰਮੈਨ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਮੱਘਰ ਸੰਗਰਾਂਦ ਦਾ ਦਿਹਾੜਾ ਸ਼ਰਧਾ ਪੂਰਬਕ ਮਨਾਇਆ ਗਿਆ ਅਤੇ ਸੰਗਤਾਂ ਦੀ ਵੱਧਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਬੰਧਾਂ ਵਿੱਚ ਹੋਰ ਵੀ ਸੁਧਾਰ ਕੀਤੇ ਜਾ ਰਹੇ ਹਨ। ਇਸ ਮੌਕੇ ਗੱਡੀ ਭੇਟ ਕਰਨ ਵਾਲਿਆਂ ਦਾ ਚੇਅਰਮੈਨ ਤੇ ਟਰਸਟੀਆਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਜਦੋਂ ਕਿ ਕੈਪਟਨ ਪਰਮਜੀਤ ਸਿੰਘ ਸਮਰਾਲਾ ਨੇ 1100ਰੁਪਏ ਦੀ ਸੇਵਾ ਗੁਰੂ ਘਰ ਦੀ ਇਮਾਰਤ ਲਈ ਦਿੱਤੀ। ਇਸ ਮੌਕੇ ਸੁਖਦੇਵ ਸਿੰਘ ਰਾਜ, ਬਲਦੇਵ ਸਿੰਘ ਦੁਸਾਂਝ, ਬਲਦੇਵ ਸਿੰਘ ਲੁਹਾਰਾ, ਗੁਰਮੀਤ ਸਿੰਘ ਸਕੱਤਰ, ਜਸਪਾਲ ਸਿੰਘ ਕਲੌਂਦੀ. ਮੈਨੇਜਰ ਨਵਜੋਤ ਸਿੰਘ, ਬਲਜਿੰਦਰ ਕੌਰ ਪ੍ਰਧਾਨ ਇਸਤਰੀ ਵਿੰਗ, ਰਾਜਕੁਮਾਰ ਪਾਤੜਾਂ, ਬਨਾਰਸੀ ਦਾਸ, ਗੁਰਦੇਵ ਸਿੰਘ ਨਾਭਾ, ਕੁਲਦੀਪ ਸਿੰਘ ਜੇ ਈ, ਮਹਿੰਦਰ ਸਿੰਘ ਮੋਰਿੰਡਾ, ਗੁਰਚਰਨ ਸਿੰਘ ਧਨੌਲਾ, ਅਮੀਚੰਦ ਸਿੰਘ ਮਾਛੀਵਾੜਾ, ਜੋਗਿੰਦਰਪਾਲ ਸਿੰਘ, ਹਰਜੀਤ ਸਿੰਘ ਮਜਾਰੀ, ਮੰਗਤ ਸਿੰਘ ਮਹਿਰਾ, ਸਤੋਖ ਸਿੰਘ, ਹਰਦੀਪ ਸਿੰਘ ਹੈਡ ਗ੍ਰੰਥੀ ਆਦਿ ਹਾਜਰ ਸਨ।

# ਜ਼ਿਲਾ ਗੁਰਦਾਸਪੁਰ ਦੀਆਂ ਅਦਾਲਤਾਂ ਵਿੱਚ 9 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ - ਜ਼ਿਲਾ ਤੇ ਸੈਸ਼ਨ ਜੱਜ ਸ੍ਰੀ ਰਜਿੰਦਰ ਅਗਰਵਾਲ

ਲੋਕ ਬਾਣੀ/ ਗੁਰਦਾਸਪੁਰ- ਨਵਨੀਤ ਕੁਮਾਰ-



ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਜ਼ਿਲੇ ਵਿੱਚ ਅਗਲੀ ਕੌਮੀ ਲੋਕ ਅਦਾਲਤ 9 ਦਸੰਬਰ 2023 ਨੂੰ ਲਗਾਈ ਜਾ ਰਹੀ ਹੈ। 9 ਦਸੰਬਰ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ਼, ਵਾਟਰ ਸਪਲਾਈ, ਹਾਊਸ ਟੈਕਸ, ਸਾਇਟ ਪਲੈਨ ਆਦਿ, ਸਾਰੇ ਤਰਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐਮ.ਏ.ਸੀ.ਟੀ. (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿੱਚ ਜਾਂ ਸਕੱਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਵਿਖੇ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ।ਜ਼ਿਲਾ ਤੇ ਸੈਸ਼ਨ ਜੱਜ ਸ੍ਰੀ ਰਜਿੰਦਰ ਅਗਰਵਾਲ ਨੇ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿਥੇ ਲੋਕਾਂ ਦੇ ਪੈਸੇ ਦੀ ਬਚਤ ਹੁੰਦੀ ਹੈ ਉਥੇ ਦੋਹਾਂ ਧਿਰਾਂ ਵਿੱਚ ਪ੍ਰੇਮ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾਂ ਹਾਰੀ ਮਹਿਸੂਸ ਨਹੀਂ ਕਰਦੀ। ਜੇਕਰ ਲੋਕ ਅਦਾਲਤ ਵਿੱਚ ਕੇਸ ਦਾ ਫੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵੀ ਵਾਪਿਸ ਹੋ ਜਾਂਦੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਇਸ ਕੌਮੀ ਲੋਕ ਅਦਾਲਤ ਵਿੱਚ ਫੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਉਠਾਉਣ।

# ਨਸ਼ਿਆਂ ਤੇ ਸਖਤ ਐਕਸ਼ਨ ਲੈਂਦੇ ਹੋਏ 400 ਦੇ ਕਰੀਬ ਦੋਸ਼ੀਆਂ ਨੂੰ ਭੇਜਿਆ ਗਿਆ ਜੇਲ੍ਹ- ਐਸ.ਐਸ.ਪੀ. ਡਾ. ਅਖਿਲ ਚੌਧਰੀ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 17 ਨਵੰਬਰ



ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਵਲੋਂ ਸਾਂਝੇ ਤੌਰ 'ਤੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਮਿਊਜ਼ੀਅਮ ਪਿੰਡ ਖਟਕੜ ਕਲਾਂ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਕੂਲਾਂ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਸਬੰਧੀ ਜਾਗਰੂਕ ਕਰਨ ਲਈ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ.ਐਸ.ਪੀ ਡਾ. ਅਖਿਲ ਚੌਧਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਖਟਕੜ ਕਲਾਂ ਵਿਖੇ ਵੱਡੇ ਪੱਧਰ 'ਤੇ ਆਯੋਜਿਤ ਕੀਤੇ ਗਏ ਸਮਾਗਮਾਂ ਵਿਚੋਂ ਇਹ ਦੂਜਾ ਸਮਾਗਮ ਹੈ। ਉਨ੍ਹਾਂ ਕਿਹਾ ਕਿ ਪਹਿਲੇ ਸਮਾਗਮ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ 5 ਹਜ਼ਾਰ ਦੇ ਕਰੀਬ ਬੱਚਿਆਂ ਵਲੋਂ ਖਟਕੜ ਕਲਾਂ ਮਿਊਜੀਅਮ ਤੋਂ ਜਾਗਰੂਕਤਾ ਰੈਲੀ ਕੱਢੀ ਗਈ ਸੀ। ਉਨ੍ਹਾਂ ਨੇ ਕਿਹਾ ਕਿ ਅੱਜ ਦੇ ਇਸ ਸਮਾਗਮ ਵਿੱਚ ਦੁਆਬਾ ਪਬਲਿਕ ਸਕੂਲ ਮਾਹਿਲਪੁਰ ਦੀ 9ਵੀਂ ਜਮਾਤ ਦੀ ਵਿਦਿਆਰਥਣ ਦੀਕਸ਼ਾ ਨੇ 2800 ਸਕੇਅਰ ਫੁੱਟ ਦੀ ਰੰਗੋਲੀ ਬਣਾ ਕੇ ਵਰਲਡ ਰਿਕਾਰਡ ਬਣਾਇਆ ਹੈ। ਉਨ੍ਹਾਂ ਕਿਹਾ ਕਿ ਆਸ਼ਾ ਰਾਣੀ ਪਿੰਡ ਅਟਾਰੀ ਜੋ ਆਇਰਨ ਮੈਨ ਇੰਡੀਆ ਦੇ ਨਾਮ ਤੋਂ ਮਸ਼ਹੂਰ ਹੈ, ਨੇ ਆਪਣੇ ਵਾਲਾ ਨਾਲ ਸਕੂਲੀ ਬੱਸ ਨੂੰ ਖਿਚਿਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਅੰਦਰ ਇਹ ਭਾਵਨਾ ਹੋਣੀ ਚਾਹੀਦੀ ਹੈ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਨੂੰ ਇੱਕ ਚੰਗੀ ਸੇਧ ਦੇਣ ਅਤੇ ਹੋਰਨਾਂ ਲੋਕਾਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਨਸ਼ਿਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ। ਇਸ ਵਿੱਚ ਜਿਥੇ ਪੁਲਿਸ ਪ੍ਰਸ਼ਾਸਨ ਅਹਿਮ ਰੋਲ ਨਿਭਾਉਂਦਾ ਹੈ, ਉਥੇ ਸਮਾਜਿਕ ਤੌਰ 'ਤੇ ਵੀ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਮਿਲ ਕੇ ਨਸ਼ਿਆਂ ਨੂੰ ਰੋਕਣ ਲਈ ਕੰਮ ਕਰੀਏ।ਇਸ ਮੌਕੇ ਤੇ ਐਸ.ਐਸ.ਪੀ ਡਾ. ਅਖਿਲ ਚੌਧਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹ ਕਿ ਪੁਲਿਸ ਪ੍ਰਸ਼ਾਸ਼ਨ ਵੱਲੋਂ ਨਸ਼ਿਆਂ ਤੇ ਸਖ਼ਤ ਐਕਸ਼ਨ ਲੈਂਦਿਆ ਹੋਇਆ ਲਗਭਗ 350 ਐਫ.ਆਈ.ਆਰ. ਰਜਿਸਟਰਡ ਕਰਕੇ 400 ਦੇ ਕਰੀਬ ਦੋਸ਼ੀਆਂ ਨੂੰ ਜੇਲ ਭੇਜਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਡਰੱਗ ਸਮਗਲਰਾਂ ਉਪਰ ਬਹੁਤ ਸਖਤ ਕਾਰਵਾਈ ਕਰਕੇ ਉਨ੍ਹਾਂ ਦੀਆਂ ਸੰਪਤੀਆਂ ਅਟੈਚ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੁਲਿਸ ਆਪਣਾ ਅਹਿਮ ਰੋਲ ਨਿਭਾਉਂਦੀ ਹੈ ਅਤੇ ਜਦ ਵੀ ਪੁਲਿਸ ਨੂੰ ਕੋਈ ਸੂਚਨਾ ਜਾਂ ਮਾੜੇ ਅਨਸਰਾਂ ਸਬੰਧੀ ਜਾਣਕਾਰੀ ਮਿਲਦੀ ਹੈ ਤਾਂ ਉਹ ਆਪਣੀ ਕਾਰਵਾਈ ਕਰਦੇ ਹੋਏ ਸਪਲਾਈ ਚੇਨ ਨੂੰ ਕੱਟ ਕਰਦੀ ਹੈ ਤਾਂ ਜੋ ਕਿਸੇ ਤਰ੍ਹਾਂ ਦਾ ਨਸ਼ਾ ਰੂਪੀ ਜਹਿਰ ਸਮਾਜ ਦੇ ਵਿੱਚ ਨਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਨਾਲ ਅਧਿਆਪਕ, ਮਾਤਾ ਪਿਤਾ, ਸਮਾਜ, ਪੁਲਿਸ ਪ੍ਰਸ਼ਾਸਨ, ਐਨ.ਜੀ.ਓਜ਼ ਅਤੇ ਜ਼ਿਲ੍ਹਾ ਪ੍ਰਸ਼ਾਸਨ ਆਪਣੀ ਭੂਮਿਕਾ ਨਿਭਾਅ ਕੇ ਆਪਸੀ ਤਾਲਮੇਲ ਅਤੇ ਮਿਲ ਕੇ ਨਸ਼ਿਆਂ 'ਤੇ ਠੱਲ੍ਹ ਪਾ ਸਕਦੇ ਹਨ।ਐਸ.ਐਸ.ਪੀ ਨੇ ਕਿਹਾ ਕਿ ਜੇਕਰ ਕਿਸੇ ਇਲਾਕੇ ਵਿੱਚ ਕੋਈ ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਦਾ ਹੈ ਜਾਂ ਨਸ਼ੀਲੇ ਪਦਾਰਥ ਵੇਚਦਾ ਹੈ ਤਾਂ ਇਸ ਦੀ ਸੂਚਨਾ ਐਨ.ਟੀ ਡਰੱਗ ਹੈਲਪਲਾਈਨ ਨੰਬਰ 99883-03232 'ਤੇ ਦਿੱਤੀ ਜਾ ਸਕਦੀ ਹੈ। ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।ਇਸ ਮੌਕੇ ਤੇ ਆਜ਼ਾਦ ਰੰਗ ਮੰਚ ਕਲਾਂ ਭਵਨ ਫਗਵਾੜਾ ਵਲੋਂ ਇਕ ਨਾਟਕ ਦਾ ਮੰਚਨ ਕੀਤਾ ਗਿਆ। ਜਿਸ ਵਿੱਚ ਬੀਬਾ ਕੁਲਵੰਤ ਦੀ ਟੀਮ ਨੇ ਬਹੁਤ ਹੀ ਵਧੀਆ ਢੰਗ ਦੇ ਨਾਲ ਨਾਟਕ ਦਾ ਮੰਚਨ ਕਰਕੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਐਨ.ਆਰ.ਆਈ ਸਭਾ ਵੱਲੋਂ ਵਿਦਿਆਰਥਣ ਦੀਕਸ਼ਾ ਨੂੰ ਨਕਦ ਇਨਾਮ ਰਾਸ਼ੀ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਸਹਾਇਕ ਕਮਿਸ਼ਨਰ ਜਨਰਲ ਡਾ. ਗੁਰਲੀਨ ਕੌਰ, ਐਸ.ਡੀ.ਐਮ ਬੰਗਾ ਜਸ਼ਨਜੀਤ ਸਿੰਘ, ਸਿਵਲ ਸਰਜਨ ਡਾ. ਜਸਪ੍ਰੀਤ ਕੌਰ, ਜ਼ਿਲ੍ਹਾ ਮਨੋਵਿਗਿਆਨੀ ਡਾ. ਰਾਜਨ ਸ਼ਾਸਤਰੀ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਡਿਪਟੀ ਕਮਿਸ਼ਨਰ ਵੱਲੋਂ ਮਿਸ਼ਨ ਅਬਾਦ ਸਿੱਖਿਆ ਤਹਿਤ ਕੇਂਦਰੀ ਜੇਲ੍ਹ ਵਿੱਚ ਕੰਪਿਊਟਰ ਸੈਂਟਰ ਅਤੇ ਕਿੱਤਾਮੁੱਖੀ ਕੇਂਦਰ ਦਾ ਉਦਘਾਟਨ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-



ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਮਿਸ਼ਨ ਅਬਾਦ ਸਿੱਖਿਆ ਤਹਿਤ ਕੇਂਦਰੀ ਜੇਲ੍ਹ ਵਿੱਚ ਬੰਦ ਕੈਦੀਆਂ ਅਤੇ ਹਵਾਲਾਤੀਆਂ ਲਈ ਕੰਪਿਊਟਰ ਸਿੱਖਿਆ ਅਤੇ ਕਿੱਤਾਮੁੱਖੀ ਸਿੱਖਿਆ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਇਹ ਬੰਦੀ ਜੇਲ੍ਹ ਤੋਂ ਰਿਹਾ ਹੋਣ ਉਪਰੰਤ ਆਪਣੀ ਜ਼ਿੰਦਗੀ ਨੂੰ ਬੇਹਤਰ ਢੰਗ ਨਾਲ ਸ਼ੁਰੂ ਕਰ ਸਕਣ। ਮਿਸ਼ਨ ਅਬਾਦ ਤਹਿਤ ਡਿਪਟੀ ਕਮਿਸ਼ਨਰ ਵੱਲੋਂ ਅੱਜ ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ ਕੰਪਿਊਟਰ ਸੈਂਟਰ ਅਤੇ ਬੇਕਰੀ ਉਤਪਾਦਾਂ ਦੀ ਸਿਖਲਾਈ ਦੇਣ ਲਈ ਵਿਸ਼ੇਸ਼ ਕਿੱਤਾਮੁੱਖੀ ਕੇਂਦਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਕੇਂਦਰੀ ਜੇਲ੍ਹ ਦੇ ਸੁਪਰਡੈਂਟ ਸ. ਨਵਇੰਦਰ ਸਿੰਘ, ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਤੇ ਹੋਰ ਵੀ ਅਧਿਕਾਰੀ ਮੌਜੂਦ ਮੌਜੂਦ ਸਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਭ ਤੋਂ ਪਹਿਲਾਂ ਕੇਂਦਰੀ ਜੇਲ੍ਹ ਵਿੱਚ ਕੰਪਿਊਟਰ ਸੈਂਟਰ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਬੰਦ ਕੈਦੀ ਅਤੇ ਹਵਾਲਾਤੀ ਕੰਪਿਊਟਰ ਸਿੱਖਿਆ ਹਾਸਲ ਕਰਕੇ ਆਪਣੇ ਭਵਿੱਖ ਨੂੰ ਬੇਹਤਰ ਬਣਾ ਸਕਣਗੇ। ਉਨ੍ਹਾਂ ਕਿਹਾ ਕਿ ਇਸ ਸੈਂਟਰ ਵਿੱਚ ਕੰਪਿਊਟਰ ਦੇ ਵੱਖ-ਵੱਖ ਪ੍ਰੋਗਰਾਮਾਂ ਅਤੇ ਐਪਲੀਕੇਸ਼ਨ ਦੇ ਕੋਰਸ ਕਰਵਾਏ ਜਾਣਗੇ ਜਿਸ ਨੂੰ ਕਰਨ ਉਪਰੰਤ ਜਦੋਂ ਇਹ ਕੈਦੀ ਤੇ ਹਵਾਲਾਤੀ ਜੇਲ੍ਹ 'ਚੋਂ ਰਿਹਾ ਹੋ ਕੇ ਬਾਹਰ ਜਾਣਗੇ ਤਾਂ ਉਹ ਇਸ ਸਿੱਖਿਆ ਦੀ ਬਦੌਲਤ ਰੁਜ਼ਗਾਰ ਹਾਸਲ ਕਰ ਸਕਣਗੇ। ਇਸ ਮੌਕੇ ਉਨ੍ਹਾਂ ਨੇ ਕੇਂਦਰੀ ਜੇਲ੍ਹ ਵਿੱਚ ਬੇਕਰੀ ਉਤਪਾਦਾਂ ਦੀ ਸਿਖਲਾਈ ਦੇਣ ਵਾਲੇ ਸਕਿੱਲ ਸੈਂਟਰ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਗੁਰਦਾਸਪੁਰ ਦੇ ਮਾਹਿਰਾਂ ਵੱਲੋਂ ਜੇਲ੍ਹ ਵਿੱਚ ਬੰਦ ਕੈਦੀਆਂ ਅਤੇ ਹਵਾਲਾਤੀਆਂ ਨੂੰ ਬੇਕਰੀ ਉਤਪਾਦਾਂ ਦੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੇਕਰੀ ਉਤਪਾਦਾਂ ਨੂੰ ਤਿਆਰ ਕਰਨ ਵਿੱਚ ਰੁਜ਼ਗਾਰ ਦੇ ਬਹੁਤ ਮੌਕੇ ਹਨ ਅਤੇ ਜਦੋਂ ਇਹ ਸਿੱਖਿਅਤ ਬੰਦੀ ਰਿਹਾ ਹੋ ਕੇ ਬਾਹਰ ਜਾਣਗੇ ਤਾਂ ਉਨ੍ਹਾਂ ਲਈ ਨਵੀਂ ਜ਼ਿੰਦਗੀ ਸ਼ੁਰੂ ਕਰਨ ਵਿੱਚ ਇਹ ਸਿਖਲਾਈ ਅਹਿਮ ਰੋਲ ਅਦਾ ਕਰੇਗੀ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਮਿਸ਼ਨ ਅਬਾਦ ਸਿੱਖਿਆ ਦਾ ਮਕਸਦ ਇਹੀ ਹੈ ਕਿ ਜੇਲ੍ਹ ਵਿੱਚ ਬੰਦ ਕੈਦੀ ਅਤੇ ਹਵਾਲਾਤੀ ਸਿੱਖਿਆ ਅਤੇ ਕੋਈ ਨਾ ਕੋਈ ਹੁਨਰ ਹਾਸਲ ਕਰਕੇ ਆਪਣੀ ਜ਼ਿੰਦਗੀ ਨੂੰ ਨਵੇਂ ਸਿਰੇ ਤੋਂ ਸ਼ੁਰੂ ਕਰਨ ਦੇ ਕਾਬਲ ਹੋ ਸਕਣ। ਉਨ੍ਹਾਂ ਕਿਹਾ ਕਿ ਮਿਸ਼ਨ ਅਬਾਦ ਸਿੱਖਿਆ ਵਿੱਚ ਜੇਲ੍ਹ ਦੇ ਬੰਦੀਆਂ ਵੱਲੋਂ ਬਹੁਤ ਰੁਚੀ ਦਿਖਾਈ ਜਾ ਰਹੀ ਹੈ ਅਤੇ ਇਹ ਸਿੱਖਿਆ ਇਨ੍ਹਾਂ ਦੇ ਰੌਸ਼ਨ ਭਵਿੱਖ ਦਾ ਅਧਾਰ ਬਣੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਜੇਲ੍ਹ ਦਾ ਨਿਰੀਖਣ ਵੀ ਕੀਤਾ ਗਿਆ। ਇਸ ਤੋਂ ਬਾਅਦ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਵੱਲੋਂ ਜੇਲ੍ਹ ਵਿੱਚ ਸੀ.ਐੱਮ. ਯੋਗਸ਼ਾਲਾ ਦਾ ਉਦਘਾਟਨ ਕੀਤਾ। ਇਸ ਯੋਗਸ਼ਾਲਾ ਵਿੱਚ ਯੋਗਾ ਦੇ ਮਾਹਿਰਾਂ ਵੱਲੋਂ ਬੰਦੀਆਂ ਨੂੰ ਯੋਗ ਦੇ ਵੱਖ-ਵੱਖ ਆਸਣ ਕਰਵਾਏ ਜਾਣਗੇ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਯੋਗਾ ਕਲਾਸਾਂ ਜਿਥੇ ਬੰਦੀਆਂ ਨੂੰ ਤੰਦਰੁਸਤ ਤੇ ਨਿਰੋਗ ਜੀਵਨ ਜਾਚ ਸਿਖਾਉਣਗੀਆਂ ਓਥੇ ਮਾਨਸਿਕ ਤੌਰ 'ਤੇ ਵੀ ਉਨ੍ਹਾਂ ਨੂੰ ਮਜ਼ਬੂਤ ਕਰਨਗੀਆਂ।

## ਕਿਰਪਾਲ ਸਾਗਰ ਅਕੈਡਮੀ ਵਿਖੇ 45 ਵੀਂ ਪੰਜਾਬ ਸਟੇਟ ਹੈਂਡਬਾਲ ਚੈਂਪੀਅਨਸ਼ਿਪ 18 ਤੋਂ 20 ਨਵੰਬਰ ਨੂੰ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 18 ਨਵੰਬਰ




ਖੇਡਾਂ ਦੇ ਖੇਤਰ ਵਿੱਚ ਦੁਆਬੇ ਦੀ ਧਰਤੀ ਦਾ ਮਾਣ ਕਿਰਪਾਲ ਸਾਗਰ ਅਕੈਡਮੀ, 18 ਤੋਂ 20 ਨਵੰਬਰ ਨੂੰ ਪੰਜਾਬ ਸਟੇਟ ਹੈਂਡਬਾਲ ਚੈਂਪੀਅਨਸ਼ਿਪ ਆਯੋਜਿਤ ਕਰਨ ਜਾ ਰਹੀ ਹੈ। ਨਵਾਂ ਸ਼ਹਿਰ ਹੈਂਡਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਿਸਟਰ ਰਵਿੰਦਰ ਸਿੰਘ ਨੇ ਪ੍ਰੈਸ ਮਿਲਣੀ ਸਮੇਂ ਕਿਹਾ, ਖੇਡਾਂ ਇਨਸਾਨ ਨੂੰ ਸਰੀਰਕ ਤੇ ਮਾਨਸਿਕ ਪੱਖੋਂ ਨਰੋਆ ਰੱਖਦੀਆਂ ਹਨ। ਇਨਸਾਨ ਨੂੰ ਹਰ ਉਮਰ ਵਿੱਚ ਸਰੀਰਕ ਗਤੀਵਿਧੀਆਂ ਬਾਰੇ ਸੁਚੇਤ ਰਹਿਣਾ ਚਾਹੀਦਾ ਹੈ। ਇੱਕ ਤੰਦਰੁਸਤ ਸਰੀਰ ਅੰਦਰ ਹੀ ਚੰਗੇ ਖਿਆਲ ਆ ਸਕਦੇ ਹਨ। ਪੰਜਾਬ ਸਟੇਟ ਹੈਂਡਬਾਲ ਐਸੋਸੀਏਸ਼ਨ ਦੇ ਸਹਿਯੋਗ ਨਾਲ ਇਹ ਚੈਂਪੀਅਨਸ਼ਿਪ ਆਯੋਜਿਤ ਕੀਤੀ ਜਾ ਰਹੀ ਹੈ। 45 ਵੀਂ ਜੂਨੀਅਰ ਪੰਜਾਬ ਸਟੇਟ ਹੈਂਡਬਾਲ ਚੈਂਪੀਅਨਸ਼ਿਪ ਲੜਕੀਆਂ ਤੇ ਲੜਕਿਆਂ ਦੇ ਵਰਗ ਵਿੱਚ ਕਿਰਪਾਲ ਸਾਗਰ ਅਕੈਡਮੀ ਦੇ ਡਾਕਟਰ ਹਰਭਜਨ ਸਿੰਘ ਸਪੋਰਟਸ ਕੰਪਲੈਕਸ ਵਿੱਖੇ ਖੇਡੀ ਜਾ ਰਹੀ ਹੈ। ਇਸ ਦੇ ਮੁੱਖ ਮਹਿਮਾਨ ਵਜੋਂ ਸਾਬਕਾ ਵਿਧਾਇਕ ਅੰਗਦ ਸਿੰਘ, ਨਵਾਂ ਸ਼ਹਿਰ ਪਧਾਰ ਰਹੇ ਹਨ। ਵਿਸ਼ੇਸ਼ ਮਹਿਮਾਨ ਵਜੋਂ ਆਸਟਰੀਆ ਦੇ ਯੂਨਿਟੀ ਆਫ ਮੈਨ ਦੇ ਚੇਅਰਮੈਨ ਮਿਸਟਰ ਵੂਲਫ ਕੰਗ ਆ ਰਹੇ ਹਨ। ਸਮਾਗਮ ਦੀ ਸ਼ੁਰੂਆਤ ਚੇਅਰਮੈਨ ਡਾਕਟਰ ਕਰਮਜੀਤ ਸਿੰਘ, ਕਿਰਪਾਲ ਸਾਗਰ ਅਕੈਡਮੀ ਕਰਨਗੇ। ਇਸ ਟੂਰਨਾਮੈਂਟ ਦੇ ਸਮੁੱਚੇ ਇੰਤਜ਼ਾਮ , ਰਿਹਾਇਸ਼,ਖਾਣਾ, ਯੂਨਿਟੀ ਆਫ ਮੈਨ,ਕਿਰਪਾਲ ਸਾਗਰ ਅਕੈਡਮੀ ਵਲੋਂ ਕੀਤੇ ਜਾ ਰਹੇ ਹਨ। ਪ੍ਰਿੰਸੀਪਲ ਗੁਰਜੀਤ ਸਿੰਘ, ਕਿਰਪਾਲ ਸਾਗਰ ਅਕੈਡਮੀ ਨੇ ਕਿਹਾ, ਕਿਰਪਾਲ ਸਾਗਰ ਅਕੈਡਮੀ ਦਾ ਸਮੁੱਚਾ ਸਹਿਯੋਗ ਪੰਜਾਬ ਦੀ ਇਸ ਚੈਂਪੀਅਨਸ਼ਿਪ ਲਈ ਖਿਡਾਰੀਆਂ ਨੂੰ ਦਿੱਤਾ ਜਾਵੇਗਾ। ਪੰਜਾਬ ਬਾਸਕਟਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ੍ਰ ਤੇਜਾ ਸਿੰਘ ਧਾਲੀਵਾਲ ਜੋ ਇਸ ਚੈਂਪੀਅਨਸ਼ਿਪ ਲਈ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਰੂਪ ਵਿੱਚ ਆ ਰਹੇ ਹਨ ਉਹਨਾਂ ਨੇ ਵਿਸ਼ੇਸ਼ ਤੌਰ ਤੇ ਕਿਹਾ, ਪੰਜਾਬ ਦੀ ਧਰਤੀ ਤੇ ਕਿਰਪਾਲ ਸਾਗਰ ਅਕੈਡਮੀ ਦਾ ਨਾਮ ਹਮੇਸ਼ਾ ਯਾਦ ਰੱਖਿਆ ਜਾਵੇਗਾ, ਵਿਸ਼ੇਸ਼ ਰੂਪ ਵਿੱਚ ਚੇਅਰਮੈਨ ਡਾਕਟਰ ਕਰਮਜੀਤ ਸਿੰਘ ਦਾ ਧੰਨਵਾਦ ਕਿ ਉਹਨਾਂ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਮੇਸ਼ਾ ਹੀ ਸਹਿਯੋਗ ਦਿੱਤਾ ਹੈ।ਪੰਜਾਬ ਸਟੇਟ ਹੈਂਡਬਾਲ ਚੈਂਪੀਅਨਸ਼ਿਪ ਦੇ ਕਨਵੀਨਰ ਮਿਸਟਰ ਰਵਿੰਦਰ ਸਿੰਘ ਨੇ ਕਿਹਾ, 45 ਵੀਂ ਜੂਨੀਅਰ ਪੰਜਾਬ ਹੈਂਡਬਾਲ ਚੈਂਪੀਅਨਸ਼ਿਪ ਲੜਕੀਆਂ ਤੇ ਲੜਕਿਆਂ ਦੇ ਵਰਗ ਵਿੱਚ ਜੋ ਕਿਰਪਾਲ ਸਾਗਰ ਅਕੈਡਮੀ ਦੇ ਡਾਕਟਰ ਹਰਭਜਨ ਸਿੰਘ ਸਪੋਰਟਸ ਕੰਪਲੈਕਸ ਵਿੱਖੇ ਖੇਡੀ ਜਾ ਰਹੀ ਹੈ, ਸਵਰਗਵਾਸੀ ਸਰਦਾਰ ਸਰਬਜੀਤ ਸਿੰਘ ਜੀ ਦੀ ਮਿੱਠੀ ਯਾਦ ਨੂੰ ਸਮਰਪਿਤ ਹੈ। ਖੇਡਾਂ ਦੇ ਖੇਤਰ ਵਿੱਚ ਮਾਣਯੋਗ ਸਰਬਜੀਤ ਸਿੰਘ ਜੀ ਦਾ ਨਾਮ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਗਿਆ ਹੈ, ਹੈਂਡਬਾਲ ਦੇ ਖੇਤਰ ਵਿੱਚ ਉਹਨਾਂ ਨੇ ਭਾਰਤ ਨੂੰ ਅਨੇਕਾਂ ਅਜਿਹੇ ਵਿਲੱਖਣ ਪਛਾਣ ਵਾਲੇ ਖਿਡਾਰੀ ਦਿੱਤੇ ਹਨ ਜਿਨ੍ਹਾਂ ਨੇ ਦੇਸ਼ ਵਿਦੇਸ਼ ਵਿੱਚ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਮਾਣਯੋਗ ਏ ਡੀ ਸੀ ਪੀ ਲੁਧਿਆਣਾ ਗੁਰਪ੍ਰੀਤ ਕੌਰ ਪੁਰੇਵਾਲ ਨੇ ਹੈਂਡਬਾਲ ਦੇ ਖੇਤਰ ਵਿੱਚ ਦੁਆਬੇ ਦੀ ਧਰਤੀ ਦੇ ਮਾਣ ਸਵਰਗਵਾਸੀ ਸਰਦਾਰ ਸਰਬਜੀਤ ਸਿੰਘ ਜੀ ਦੀ ਯਾਦ ਵਿੱਚ ਕਰਵਾਏ ਜਾ ਰਹੇ ਟੂਰਨਾਮੈਂਟ ਲਈ ਸ਼ੁਭ ਇਛਾਵਾਂ ਦਿੱਤੀਆਂ। ਹੈਂਡਬਾਲ ਐਸੋਸੀਏਸ਼ਨ ਦੇ ਨਿਯਮਾਂ ਅਨੁਸਾਰ ਇਹ ਸਮੁੱਚੀ ਚੈਂਪੀਅਨਸ਼ਿਪ ਕਰਵਾਈ ਜਾਵੇਗੀ। ਕਿਰਪਾਲ ਸਾਗਰ ਵਲੋਂ ਕੈਪਟਨ ਗੁਰਦੇਵ ਸਿੰਘ ਤੇ ਖੇਡ ਵਿਭਾਗ ਦੇ ਕੰਵਲਬੀਰ ਸਿੰਘ ਪੰਨੂ ਇਸ ਦੇ ਸਮੁੱਚੇ ਇੰਤਜ਼ਾਮ ਕਰਨਗੇ। ਪ੍ਰੈਸ ਕਲੱਬ ਨਵਾਂ ਸ਼ਹਿਰ ਦੇ ਪ੍ਰਮੋਦ ਭਾਰਤੀ, ਦੀਦਾਰ ਸਿੰਘ ਸ਼ੇਤਰਾ ਤੇ ਕਿਰਪਾਲ ਸਾਗਰ ਅਕੈਡਮੀ ਦੇ ਪ੍ਰੈਸ ਮੀਡੀਆ ਆਤਮਯਾਦ ਸਮੁੱਚੀ ਕਵਰੇਜ ਕਰਨਗੇ।

## ਮੇਲਿਆਂ, ਸਮਾਗਮਾਂ ਤੇ ਵਿਦਿਅਕ ਅਦਾਰਿਆਂ 'ਚ ਹਥਿਆਰ ਲੈ ਕੇ ਜਾਣ 'ਤੇ ਮਨਾਹੀ

### ਹਥਿਆਰਾਂ ਦੇ ਜਨਤਕ ਪ੍ਰਦਰਸ਼ਨ ਤੇ ਹਥਿਆਰਾਂ/ਹਿੰਸਾ ਨੂੰ ਵਡਿਆਉਂਦੇ ਗੀਤਾਂ 'ਤੇ ਵੀ ਪਾਬੰਦੀ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 18 ਨਵੰਬਰ



-ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਸਿਵਲ ਰਿਟ ਪਟੀਸ਼ਨ 6213/2016 'ਚ ਦਿੱਤੀਆਂ ਮਿਤੀ 22.07.2019 ਦੀਆਂ ਹਦਾਇਤਾਂ ਦੀ ਪਾਲਣਾ ਵਿੱਚ ਅਤੇ ਪ੍ਰਮੁੱਖ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਅਮਨ-ਕਾਨੂੰਨੀ ਦੀ ਸਥਿਤੀ ਕਾਇਮ ਰੱਖਣ ਦੇ ਮੱਦੇਨਜ਼ਰ ਪ੍ਰਾਪਤ ਆਦੇਸ਼ਾਂ ਦੀ ਪਾਲਣਾ 'ਚ ਜ਼ਿਲ੍ਹਾ ਮੈਜਿਸਟ੍ਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਮੇਲਿਆਂ, ਸਮਾਗਮਾਂ ਤੇ ਵਿਦਿਅਕ ਅਦਾਰਿਆਂ 'ਚ ਹਥਿਆਰ ਲੈ ਕੇ ਜਾਣ ਤੇ ਉਨ੍ਹਾਂ ਦੇ ਪ੍ਰਦਰਸ਼ਨ ਦੀ ਮਨਾਹੀ ਕੀਤੀ ਹੈ।ਫੌਜਦਾਰੀ ਜ਼ਾਬਤਾ ਸੰਘਤਾ 1973 (1974) ਦੇ ਐਕਟ 2 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਤਹਿਤ ਜਾਰੀ ਇਨ੍ਹਾਂ ਹੁਕਮਾਂ 'ਚ ਜ਼ਿਲ੍ਹੇ 'ਚ ਕਿਸੇ ਵੀ ਤਰ੍ਹਾਂ ਦੇ ਮੈਰਿਜ ਪੈਲੇਸ/ਰਿਜ਼ੋਰਟ, ਮੇਲੇ, ਧਾਰਮਿਕ ਸਥਾਨਾਂ, ਜਲੂਸ, ਬਰਾਤ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮ/ਜਨਤਕ ਇਕੱਠਾਂ ਅਤੇ ਵਿਦਿਅਕ ਅਦਾਰਿਆਂ 'ਚ ਅਸਲਾ/ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਹੋਵੇਗੀ।ਇਸ ਤੋਂ ਇਲਾਵਾ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਾਉਂਦਿਆਂ ਇਨ੍ਹਾਂ ਦਾ ਸੋਸ਼ਲ ਮੀਡੀਆ 'ਤੇ ਪ੍ਰਦਰਸ਼ਨ ਕਰਨ 'ਤੇ ਵੀ ਪਾਬੰਦੀ ਲਾਗੂ ਰਹੇਗੀ।ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਪੂਰਨ ਪਾਬੰਦੀ ਰਹੇਗੀ। ਇਹ ਹੁਕਮ 13 ਜਨਵਰੀ 2024 ਤੱਕ ਲਾਗੂ ਰਹਿਣਗੇ।



publisher/chief Editor
**Aman Mehra**
lok bani (news Paper)
lokbani08@gmail.com
www.lokbani.com
mob:99155-94111

**Head Office:**
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

Website : www.lokbani.com
lokbani08@gmail.com

# ਬਜਾਜ ਫਿੱਲੋਂ ਆਟੋ ਮੋਬਾਈਲਜ ਅਮਰਗੜ੍ਹ ਵੱਲੋਂ ਫਰਜੀ ਲੋਨ ਕਰ ਮਾਰੀ 37 ਲੱਖ ਦੀ ਠੱਗੀ

## ਉਕਤ ਏਜੰਸੀ ਮਾਲਕਾ ਵਿਰੁੱਧ ਮਾਮਲਾ ਦਰਜ ਜਾਂਚ ਸ਼ੁਰੂ

ਲੋਕ ਬਾਣੀ/ ਅਮਰਗੜ੍ਹ 17 ਨਵੰਬਰ ( ਵਰਿੰਦਰ ਗਿੱਲ )

ਜ਼ਿਲਾ ਪੁਲਿਸ ਮੁਖੀ ਗੁਰਸ਼ਰਨਦੀਪ ਸਿੰਘ ਗਰੇਵਾਲ ਦੇ ਹੁਕਮਾਂ ਤਹਿਤ ਥਾਣਾ ਅਮਰਗੜ੍ਹ ਵੱਲੋਂ ਦੋ ਵਿਅਕਤੀ ਹਰਪਿੰਦਰ ਸਿੰਘ ਉਰਫ ਹੇਮਨ ਅਤੇ ਗੁਰਵਿੰਦਰ ਸਿੰਘ ਪੁੱਤਰਾਨ ਪਵਿੱਤਰ ਸਿੰਘ ਵਾਸੀਆਂ ਅਮਰਗੜ੍ਹ ਪਰ ਧੋਖਾਧੜੀ ਕਰਨ ਦਾ ਮਾਮਲਾ ਐਫ. ਆਈ. ਆਰ ਨੰਬਰ 154 ਮਿਤੀ 15/11/2023 ਨੂੰ ਧਾਰਾਵਾਂ 420, 465,468, 469,471 ਅਧੀਨ ਦਰਜ ਰਜਿਸਟਰ ਥਾਣਾ ਅਮਰਗੜ੍ਹ ਵਿਖੇ ਕੀਤਾ ਗਿਆ ਹੈ। ਸ਼ਿਕਾਇਤਕਰਤਾ ਬੱਬੂ,ਬਾਬਾ ਫਾਇਨਾਸ ਕੰਪਨੀ ਅਮਰਗੜ੍ਹ ਦੇ ਹਿੱਸੇਦਾਰ ਸੁਖਵਿੰਦਰ ਸਿੰਘ ਨੇ ਦੱਸਿਆ, ਕਿ ਅਮਰਗੜ੍ਹ ਸਥਿਤ ਬਜਾਜ ਫਿੱਲੋਂ ਆਟੋ ਮੋਬਾਇਲ ਏਜੰਸੀ ਚਲਾਉਣ ਵਾਲੇ ਉਕਤਾ ਦੋਵੇਂ ਸਕੇ ਭਰਾ ਹਨ। ਦੋਵੇਂ ਫਿੱਲੋਂ ਆਟੋ ਮੋਬਾਇਲ ਸਿਗਨੇਟਰੀ ਹਨ ਅਤੇ ਦੋਵੇਂ ਸਾਰਾ ਕਾਰੋਬਾਰ ਸੰਭਾਲਦੇ ਹਨ, ਉਕਤ ਫਰਮ ਮਾਲਕਾਂ ਦੇ ਬੈਂਕ ਖਾਤੇ ਐਚ.ਡੀ.ਐਫ.ਸੀ ਬੈਂਕ ਤੋਂ ਇਲਾਵਾ ਆਈ.ਸੀ.ਆਈ.ਸੀ.ਆਈ ਬੈਂਕ, ਪੰਜਾਬ ਨੈਸ਼ਨਲ ਬੈਂਕ ਅਤੇ ਸਟੇਟ ਬੈਂਕ ਆਫ ਇੰਡੀਆ ਵਿੱਚ ਹਨ। ਇਹਨਾਂ ਨੇ ਇੱਕ ਹੋਰ ਫਰਮ ਫਿੱਲੋਂ ਫਾਇਨਾਂਸ ਕੰਪਨੀ ਚਲਾਈ ਹੋਈ ਹੈ। ਜਿਸ ਫਰਮ ਵਿੱਚ ਸਾਰੀ ਕਾਗਜ਼ੀ ਕਾਰਵਾਈ ਵ ਦਸਤਖਤ ਵਗੈਰਾ ਹਰਪਿੰਦਰ ਸਿੰਘ ਹੀ ਕਰਦਾ ਹੈ। ਉਹਨਾਂ ਦੱਸਿਆ ਕਿ ਉਹ ਕਾਨੂੰਨ ਦੀਆਂ ਹਦਾਇਤਾਂ ਅਨੁਸਾਰ ਆਪਣਾ ਫਾਇਨਾਸ ਦਾ ਕੰਮ ਚਲਾ ਰਹੇ ਹਨ। ਦੋਸ਼ੀ ਸਾਲ 2013 ਤੋਂ ਉਹਨਾਂ ਦੀ ਫਰਮ ਕੋਲੋਂ ਲੋਨ ਕਰਵਾਉਂਦੇ ਆ ਰਹੇ ਹਨ ਅਤੇ ਇਸ ਤੋਂ ਇਲਾਵਾ ਉਧਾਰ ਵੀ ਲੈਂਦੇ ਰਹੇ ਹਨ ਵਾਹਨ ਤੇ ਲੋਨ ਕਰਵਾਉਣ ਤੋਂ ਬਾਅਦ ਉਸ ਦੀ ਕੁੱਲ ਜਿੰਮੇਵਾਰੀ ਕਿਸਤਾਂ ਇਕੱਠੀਆਂ ਕਰਨ ਦੀ ਏਜੰਸੀ ਮਾਲਕਾਂ ਦੀ ਹੁੰਦੀ ਹੈ।




ਪਰ 2020 ਵਿੱਚ ਆ ਕੇ ਦੋਸ਼ੀਆਂ ਵੱਲੋਂ ਸਾਡੇ ਨਾਲ ਘਪਲੇਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ ਅਤੇ ਵਿਸ਼ਵਾਸਘਾਤ ਕਰਕੇ ਸਾਨੂੰ ਲੱਖਾਂ ਰੁਪਏ ਦਾ ਨੁਕਸਾਨ ਪਹੁੰਚਾਇਆ। ਉਕਤ ਦੋਸ਼ੀਆਂ ਨੇ ਇੱਕ ਮੋਟਰਸਾਈਕਲ ਤੇ ਤਿੰਨ ਤਿੰਨ ਲੋਨ ਕਰਵਾਏ ਹਨ। ਇਸ ਫਰਜ਼ੀਵਾੜੇ ਵਿੱਚ ਜਿੰਨਾ ਦੇ ਫਰਜ਼ੀ ਲੋਨ ਦੋਸ਼ੀਆਂ ਵੱਲੋਂ ਕਰਵਾਏ ਹਨ, ਉਹਨਾਂ ਪੀੜਤਾਂ ਦੀ ਗਿਣਤੀ 31 ਦੇ ਲਗਭਗ ਹੈ। ਮੋਟਰਸਾਈਕਲ ਦੀ ਕਾਪੀ ਇੱਕ ਹੀ ਹੁੰਦੀ ਹੈ ਅਤੇ ਇਹ ਫਰਜ਼ੀ ਕਾਗਜ਼ਾਤ ਤਿਆਰ ਕਰਵਾ ਕੇ ਵੱਖੋ -ਵੱਖਰੀਆਂ ਫਾਇਨਾਂਸ ਕੰਪਨੀਆਂ ਤੋਂ ਲੋਨ ਕਰਵਾ ਲੈਂਦੇ ਹਨ, ਸ਼ਿਕਾਇਤ ਕਰਤਾ ਨੇ ਦੱਸਿਆ ਕਿ ਉਕਤ ਦੋਸੀਆਂ ਨੇ 37 ਲੱਖ ਦੇ ਕਰੀਬ ਠੱਗੀ ਮਾਰੀ ਹੈ।

**ਕੀ ਕਹਿਣਾ ਹੈ ਪੀੜਤ ਦਾ** :- ਹਰਿੰਦਰ ਸਿੰਘ ਪੁੱਤਰ ਕਰਮ ਸਿੰਘ ਵਾਸੀ ਅਮਰਗੜ੍ਹ ਜੋ ਇਸ ਠੱਗੀ ਦਾ ਸ਼ਿਕਾਰ ਹੋਇਆ ਹੈ। ਉਹਨਾਂ ਦਾ ਕਹਿਣਾ ਹੈ, ਕਿ ਉਹ ਪ੍ਰਾਈਵੇਟ ਵੈਟਨਰੀ ਦਾ ਕੰਮ ਕਰਦੇ ਹਨ। ਉਸ ਨੇ 40 ਹਜਾਰ ਰੁਪਏ ਭਰ ਕੇ ਪਲਟੀਨਾ ਮੋਟਰਸਾਈਕਲ ਫਿੱਲੋਂ ਆਟੋਮੋਬਾਇਲਜ ਤੋ ਖਰੀਦ ਕੀਤਾ ਸੀ ਅਤੇ ਬਾਕੀ ਦੀ ਰਕਮ ਦੀਆਂ ਕਿਸਤਾਂ ਬਣਵਾ ਲਈਆਂ ਸਨ। ਜਿਸ ਨੂੰ ਉਸ ਨੇ ਸਮੇਂ ਸਿਰ ਪੂਰਾ ਕੀਤਾ, ਪਰ ਉਕਤ ਦੋਸ਼ੀਆਂ ਨੇ ਦਸਮੇਸ਼ ਆਟੋ ਰੁੜਕੀ ਕਲਾਂ ਦੇ ਮਾਲਕ ਗੁਰਿੰਦਰਪਾਲ ਸਿੰਘ ਪੁੱਤਰ ਰਘਵੀਰ ਸਿੰਘ ਵਾਸੀ ਹਕੀਮਪੁਰਾ ਖਟੜਾ ਜਿਲ੍ਹਾ ਮਾਲੇਰਕੋਟਲਾ ਨਾਲ ਮਿਲੀ ਭੁਗਤ ਕਰਕੇ ਉਸ ਦੇ ਮੋਟਰਸਾਈਕਲ ਤੇ 60 ਹਜਰ ਰੁਪਏ ਦਾ ਬਜਾਜ ਫਾਇਨਾਂਸ ਲੋਨ ਕਰਵਾ ਦਿੱਤਾ, ਜਿਸ ਬਾਰੇ ਉਸ ਨੂੰ ਕੋਈ ਵੀ ਖਬਰ ਨਹੀਂ ਹੈ। ਉਸ ਦਾ ਕਹਿਣਾ ਹੈ, ਕਿ ਅਗਰ ਪੁਲਿਸ ਇਸ ਹੋਏ ਫਰਜੀਵਾੜੇ ਦੀ ਗੰਭੀਰਤਾ ਨਾਲ ਜਾਂਚ ਕਰਦੀ ਹੈ ਤਾਂ ਇਹਨਾਂ ਦੋਸ਼ੀਆਂ ਤੋਂ ਇਲਾਵਾ ਹੋਰ ਵੀ ਬਹੁਤ ਚਿਹਰੇ ਸਾਹਮਣੇ ਆ ਸਕਦੇ ਹਨ ਹਨ। ਗੌਰਤਲਬ ਹੈ ਕਿ ਇਸ ਠੱਗੀ ਵਿੱਚ ਸ਼ਿਕਾਰ ਹੋਏ ਪੀੜਤਾਂ ਵਿੱਚੋਂ ਜਿਆਦਾਤਰ ਪੀੜਿਤ ਮਜ਼ਦੂਰ ਦਬਕੇ ਨਾਲ ਸੰਬੰਧ ਰੱਖਦੇ ਹਨ। ਜਿਨਾਂ ਨੇ ਆਪਣੀ ਪੂੰਜੀ ਵੀ ਇਹਨਾਂ ਧੋਖੇਬਾਜਾਂ ਦੇ ਹੱਥ ਦੇ ਦਿੱਤੀ ਅਤੇ ਵਾਹਨਾਂ ਤੋਂ ਵੀ ਹੱਥ ਧੋ ਬੈਠੇ ਜੋ ਕਿ ਇੱਕ ਗੰਭੀਰ ਦਿਮਾਗੀ ਪਰੇਸ਼ਾਨੀ ਦੇ ਆਲਮ ਵਿੱਚੋਂ ਗੁਜ਼ਰ ਰਹੇ ਹਨ। ਬਹਰਹਾਲ ਪੁਲਿਸ ਵੱਲੋਂ ਦੋਸ਼ੀਆਂ ਖਿਲਾਫ ਉਕਤ ਧਰਾਵਾਂ ਦੇ ਤਹਿਤ ਮਾਮਲਾ ਦਰਜ ਕਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਦੋਸ਼ੀ ਗ੍ਰਿਫਤ ਤੋਂ ਬਾਹਰ ਹਨ।

# ਵਿਕਸਤ ਭਾਰਤ ਸੰਕਲਪ ਯਤਾਰਾ' ਸਬੰਧੀ ਡਿਪਟੀ ਸੈਕਟਰੀ ਸ੍ਰੀ ਅੰਕੁਰ ਯਾਦਵ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ

## ਭਾਰਤ ਸਰਕਾਰ ਦੀਆਂ ਭਲਾਈ ਸਕੀਮਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸ਼ੁਰੂ ਕੀਤੀ ਜਾਵੇਗੀ ਵਿਸ਼ੇਸ਼ ਮੁਹਿੰਮ

ਲੋਕ ਬਾਣੀ/ ਗੁਰਦਾਸਪੁਰ- ਨਵਨੀਤ ਕੁਮਾਰ-



ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਲੋਕ ਭਲਾਈ ਸਕੀਮਾਂ ਦੀ ਹੇਠਲੇ ਪੱਧਰ ਤੱਕ ਜਾਣਕਾਰੀ ਅਤੇ ਲਾਭ ਪਹੁੰਚਾਉਣ ਲਈ 'ਵਿਕਸਤ ਭਾਰਤ ਸੰਕਲਪ ਯਤਾਰਾ' ਦੀ ਸ਼ੁਰੂਆਤ ਕੀਤੀ ਜਾਵੇਗੀ ਜੋ ਕਿ 15 ਜਨਵਰੀ 2024 ਤੱਕ ਚੱਲੇਗੀ। ਇਸ ਜਾਗਰੂਕਤਾ ਮੁਹਿੰਮ ਸਬੰਧੀ ਅੱਜ ਸਥਾਨਕ ਪੰਚਾਇਤ ਭਵਨ ਵਿਖੇ ਭਾਰਤ ਸਰਕਾਰ ਦੇ ਘੱਟ ਗਿਣਤੀ ਸਮੁਦਾਇਯ ਮੰਤਰਾਲੇ ਦੇ ਡਿਪਟੀ ਸੈਕਟਰੀ ਸ੍ਰੀ ਅੰਕੁਰ ਯਾਦਵ ਆਈ.ਏ.ਐਸ. ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਸੈਕਟਰੀ ਸ੍ਰੀ ਅੰਕੁਰ ਯਾਦਵ ਨੇ ਕਿਹਾ ਕਿ 'ਵਿਕਸਤ ਭਾਰਤ ਸੰਕਲਪ ਯਤਾਰਾ' ਅਗਲੇ ਕੁਝ ਦਿਨਾਂ ਵਿਚ ਸ਼ੁਰੂ ਹੋਵੇਗੀ ਜਿਸ ਤਹਿਤ ਵਿਸ਼ੇਸ਼ ਜਾਗਰੂਕਤਾ ਵੈਨਾਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਭਾਰਤ ਸਰਕਾਰ ਦੀਆਂ ਭਲਾਈ ਸਕੀਮਾਂ ਤੋਂ ਜਾਣੂ ਕਰਵਾਉਣਗੀਆਂ। ਉਨ੍ਹਾਂ ਕਿਹਾ ਕਿ ਜਾਗਰੂਕਤਾ ਵੈਨਾਂ ਰਾਹੀਂ ਭਾਰਤ ਸਰਕਾਰ ਦੀਆਂ ਫਲੈਗਸ਼ਿਪ ਸਕੀਮਾਂ ਬਾਰੇ ਵੀਡੀਓ ਰਾਹੀਂ ਜਾਣਕਾਰੀ ਸਾਂਝੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਾਗਰੂਕਤਾ ਮੁਹਿੰਮ ਤਹਿਤ ਪਿੰਡਾਂ ਦੇ ਨਾਲ ਸ਼ਹਿਰ ਵੀ ਕਵਰ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ, ਬਲਾਕ ਅਤੇ ਪਿੰਡ ਪੱਧਰ 'ਤੇ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਇਸ ਮੁਹਿੰਮ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਉਹ 'ਵਿਕਸਤ ਭਾਰਤ ਸੰਕਲਪ ਯਤਾਰਾ' ਨੂੰ ਸਫਲ ਬਣਾਉਣ ਵਿੱਚ ਆਪਣਾ ਸਹਿਯੋਗ ਦੇਣ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ. ਰਵਿੰਦਰਪਾਲ ਸਿੰਘ ਸੰਧੂ, ਐੱਸ.ਡੀ.ਐੱਮ. ਗੁਰਦਾਸਪੁਰ ਸ੍ਰੀਮਤੀ ਅਮਨਦੀਪ ਕੌਰ ਘੁੰਮਣ, ਡੀ.ਡੀ.ਪੀ.ਓ. ਸ੍ਰੀ ਸਤੀਸ਼ ਕੁਮਾਰ, ਮੁੱਖ ਖੇਤੀਬਾੜੀ ਅਫ਼ਸਰ ਡਾ. ਕ੍ਰਿਪਾਲ ਸਿੰਘ ਢਿਲੋਂ, ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਸ਼ਾਮ ਸਿੰਘ, ਐੱਲ.ਡੀ.ਐੱਮ. ਸ੍ਰੀ ਕੇਵਲ ਕਲਸੀ, ਜ਼ਿਲ੍ਹਾ ਸੂਚਨਾ ਅਫ਼ਸਰ ਸ੍ਰੀ ਸੋਨੀ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਗੁਰਦਾਸਪੁਰ ਦੇ ਜੂਡੋ ਖਿਡਾਰੀਆਂ ਨੇ 67 ਵੀਆ ਨੈਸ਼ਨਲ ਸਕੂਲ ਖੇਡਾਂ ਜੰਮੂ ਵਿਖੇ ਮੈਡਲ ਜਿੱਤ ਕੇ ਪੰਜਾਬ ਦਾ ਕੀਤਾ ਨਾਂਅ ਰੌਸ਼ਨ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-



ਜੰਮੂ ਵਿਖੇ ਚੱਲ ਰਹੀਆਂ 67 ਵੀਆਂ ਨੈਸ਼ਨਲ ਸਕੂਲ ਖੇਡਾਂ ਵਿੱਚ ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਗੁਰਦਾਸਪੁਰ ਵਿਖੇ ਇਕ ਸਿਲਵਰ ਮੈਡਲ ਅਤੇ ਇੱਕ ਕਾਂਸ਼ੀ ਤਮਗਾ ਜਿੱਤ ਕੇ ਪੰਜਾਬ ਦਾ ਨਾਂ ਰੌਸ਼ਨ ਕੀਤਾ ਹੈ। ਜਾਣਕਾਰੀ ਦਿੰਦਿਆਂ ਜੂਡੋ ਸੈਂਟਰ ਦੇ ਸੰਚਾਲਕ ਅਮਰਜੀਤ ਸ਼ਾਸਤਰੀ ਨੇ ਦੱਸਿਆ ਕਿ ਅੰਡਰ 14 ਸਾਲ ਵਰਗ ਵਿੱਚ ਪਹਿਲੇ ਦਿਨ ਪਿਊਸ਼ ਕੁਮਾਰ ਗੋਲਡਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਨੇ 25 ਕਿਲੋ ਭਾਰ ਵਰਗ ਸਿਲਵਰ ਮੈਡਲ ਜਿੱਤਣ ਵਿਚ ਕਾਮਯਾਬੀ ਹਾਸਲ ਕੀਤੀ ਹੈ। ਅਤੇ 30 ਕਿਲੋ ਭਾਰ ਵਰਗ ਵਿੱਚ ਅਮਨਦੀਪ ਸਿੰਘ ਨੇ ਕਾਂਸੀ ਤਮਗਾ ਜਿੱਤਿਆ ਹੈ। ਇਹਨਾਂ ਖਿਡਾਰੀਆਂ ਨੂੰ ਮੈਡਲ ਜਿੱਤਣ ਲਈ ਜਿਥੇ ਆਪਣੇ ਭਾਰ ਨੂੰ ਕੰਟਰੋਲ ਕਰਨ ਲਈ 13 ਦਿਨ ਤੱਕ ਲਗਾਤਾਰ ਸੰਘਰਸ਼ ਕਰਨਾ ਪਿਆ ਉਥੇ ਸਿਖਿਆ ਵਿਭਾਗ ਦੀ ਵੱਡੀ ਲਾਪਰਵਾਹੀ ਦਾ ਨਤੀਜਾ ਵੀ ਭੁਗਤਣਾ ਪਿਆ। ਕਿਉਂਕਿ ਸਿਖਿਆ ਵਿਭਾਗ ਵੱਲੋਂ ਇਹਨਾਂ ਦੇ ਟੈਕਨੀਕਲ ਕੋਚ ਰਵੀ ਕੁਮਾਰ ਦੀ ਬਤੌਰ ਕੋਚ ਡਿਊਟੀ ਨਹੀਂ ਲਗਾਈ ਗਈ। ਭਾਵੇਂ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਅਤੇ ਪੁਸ਼ਤਪਨਾਹੀ ਲਈ ਜੂਡੋਕਾ ਵੈਲਫੇਅਰ ਸੁਸਾਇਟੀ ਵੱਲੋਂ ਉਨ੍ਹਾਂ ਦੇ ਕੋਚ ਨੂੰ ਨਿਜੀ ਖਰਚੇ ਤੇ ਜੰਮੂ ਭੇਜਿਆ ਹੈ। ਉਨ੍ਹਾਂ ਵੱਲੋਂ ਦਰਸ਼ਕ ਗੈਲਰੀ ਵਿੱਚ ਬੈਠ ਕੇ ਖਿਡਾਰੀਆਂ ਨਾਲ ਰਾਬਤਾ ਕਾਇਮ ਕਰਕੇ ਮੈਡਲ ਜਿੱਤਣ ਦੇ ਯੋਗ ਬਣਾਇਆ ਹੈ। ਜੇਕਰ ਵਿਭਾਗ ਵਿਚ ਬੈਠੇ ਅਧਿਕਾਰੀਆਂ ਨੂੰ ਪੰਜਾਬ ਦੇ ਹਿੱਤਾਂ ਨਾਲ ਪਿਆਰ ਹੁੰਦਾ ਤਾਂ ਨਤੀਜੇ ਕੁੱਝ ਹੋਰ ਹੁੰਦੇ। ਜੂਡੋਕਾ ਵੈਲਫੇਅਰ ਸੁਸਾਇਟੀ ਦੇ ਮੈਂਬਰ ਸਤੀਸ਼ ਕੁਮਾਰ, ਬਲਵਿੰਦਰ ਕੌਰ, ਪ੍ਰਿੰਸੀਪਲ ਅਮਰਜੀਤ ਸਿੰਘ ਮਨੀ, ਇੰਸਪੈਕਟਰ ਰਾਜ ਕੁਮਾਰ, ਇੰਸਪੈਕਟਰ ਕਪਿਲ ਕੌਸ਼ਲ, ਇੰਸਪੈਕਟਰ ਜਤਿੰਦਰ ਪਾਲ ਸਿੰਘ ਅਤੇ ਨਵੀਨ ਸਲਗੋਤਰਾ, ਸੀਨੀਅਰ ਖਿਡਾਰੀ ਸਾਹਿਲ ਪਠਾਣੀਆਂ, ਜਸਲੀਨ ਸੈਣੀ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰਦਾਸਪੁਰ ਸੈਂਟਰ ਪੁੱਜਣ ਤੇ ਨਿੱਘਾ ਸਵਾਗਤ ਕੀਤਾ ਜਾਵੇਗਾ।

# ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਸਨਮਾਨ ਸਮਾਰੋਹ ਦੀਆਂ ਤਿਆਰੀਆਂ ਮੁਕੰਮਲ, ਸਮਾਜ ਦੇ ਹਰ ਵਰਗ ਦੇ ਲੋਕਾਂ ਨੂੰ ਖੁਲਾ ਸੱਦਾ

ਲੋਕ ਬਾਣੀ/ ਗੁਰਦਾਸਪੁਰ -ਨਵਨੀਤ ਕੁਮਾਰ

ਪੰਜਾਬੀ ਕਹਾਣੀ ਦੇ ਪਿਤਾਮਾ ਪ੍ਰਿੰਸੀਪਲ ਸੁਜਾਨ ਸਿੰਘ ਅਤੇ ਡਾ ਨਿਰਮਲ ਸਿੰਘ ਆਜ਼ਾਦ ਦੀ ਯਾਦ ਨੂੰ ਸਮਰਪਿਤ ਇਸ ਵਾਰ ਦਾ ਸਨਮਾਨ ਸਮਾਰੋਹ 19 ਨਵੰਬਰ ਦਿਨ ਐਤਵਾਰ ਨੂੰ ਸਥਾਨਕ ਰਾਮ ਸਿੰਘ ਦੱਤ ਯਾਦਗਾਰੀ ਭਵਨ ਗੁਰਦਾਸਪੁਰ ਵਿਖੇ ਠੀਕ 10-30 ਵਜੇ ਸਵੇਰੇ ਕਰਵਾਇਆ ਜਾ ਰਿਹਾ ਹੈ ਜਿਸ ਸਬੰਧੀ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਜਨਰਲ ਸਕੱਤਰ ਮੰਗਤ ਚੰਚਲ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਖੁਲਾਸਾ ਕੀਤਾ ਗਿਆ ਕਿ ਇਸ ਵਾਰ ਵਿਚਾਰ ਚਰਚਾ ਦਾ ਵਿਸ਼ਾ ਅਜੋਕੇ ਦੌਰ ਵਿੱਚ ਲੇਖਕਾਂ, ਬੁੱਧੀਜੀਵੀਆਂ ਅਤੇ ਪੱਤਰਕਾਰਾਂ ਦੀ ਭੂਮਿਕਾ ਹੋਵੇਗਾ ਅਤੇ ਮੁੱਖ ਵਕਤਾ ਪ੍ਰਸਿੱਧ ਚਿੰਤਕ ਅਤੇ ਪੱਤਰਕਾਰ ਸ ਹਮੀਰ ਸਿੰਘ ਜੀ ਵਿਸ਼ੇ ਉੱਤੇ ਵਿਸਥਾਰ ਸਹਿਤ ਗੱਲ ਬਾਤ ਕਰਨਗੇ ਅਤੇ ਆਪ ਦੇ ਸਵਾਲਾਂ ਦੇ ਜੁਆਬ ਵੀ ਦੇਣਗੇ । ਉਨ੍ਹਾਂ ਨੂੰ ਹੀ ਡਾ ਨਿਰਮਲ ਸਿੰਘ ਆਜ਼ਾਦ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਸਾਰੇ ਪੱਤਰਕਾਰ ਭਾਈਚਾਰੇ ਨੂੰ ਉਚੇਚੀ ਬੇਨਤੀ ਕੀਤੀ ਗਈ ਕਿ ਉਹ ਇਸ ਪ੍ਰੋਗਰਾਮ ਵਿੱਚ ਪਹੁੰਚਣਾ ਯਕੀਨੀ ਬਣਾਉਣ ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਸਨਮਾਨ ਕ੍ਰਮਵਾਰ ਪ੍ਰਸਿੱਧ ਕਹਾਣੀਕਾਰ ਸ੍ਰੀ ਕੇ ਐਲ ਗਰਗ ਅਤੇ ਦਵਿੰਦਰ ਕੌਰ ਗੁਰਾਇਆ ਨੂੰ ਭੇਟ ਕੀਤੇ ਜਾਣਗੇ। ਇਸ ਪ੍ਰੋਗਰਾਮ ਵਿੱਚ ਸਰਵਸ੍ਰੀ ਦਰਸ਼ਨ ਬੁੱਟਰ, ਸੁਸੀਲ ਦੁਸਾਂਝ,ਡਾ ਲਖਵਿੰਦਰ ਜੌਹਲ,ਡਾ ਕਰਮਜੀਤ ਸਿੰਘ,ਡਾ ਕੁਲਦੀਪ ਪੁਰੀ,ਡਾ ਹਰਜਿੰਦਰ ਅਟਵਾਲ,ਦੀਪ ਦੇਵਿੰਦਰ ਸਿੰਘ ਆਦਿ ਵਿਦਵਾਨ ਵੀ ਆਪਣੇ ਵਿਚਾਰ ਰੱਖਣਗੇ । ਉਨ੍ਹਾਂ ਸਮਾਜ ਦੇ ਹਰ ਵਰਗ ਦੇ ਲੋਕਾਂ ਨੂੰ ਇਸ ਗਿਆਨ ਭਰਪੂਰ ਸਮਾਗਮ ਵਿੱਚ ਹੁੰਮਹੁਮਾ ਕੇ ਪਹੁੰਚਣ ਹਿਤ ਖੁੱਲ੍ਹਾ ਸੱਦਾ ਵੀ ਦਿੱਤਾ।




# ਰਾਊਂਡ ਗਲਾਸ ਫਾਊਂਡੇਸ਼ਨ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਸਾਫ ਸੁਥਰਾ ਰੱਖਣ ਲਈ ਵੱਖ-ਵੱਖ ਥਾਵਾਂ ਦਾ ਦੌਰਾ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 17 ਨਵੰਬਰ(ਦਵਿੰਦਰਪਾਲ ਸਿੰਘ)



ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਅਤੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਵਿੱਚ ਰਾਊਂਡ ਗਲਾਸ ਫਾਉਂਡੇਸ਼ਨ ਦੇ ਡਾ ਰਜਨੀਸ਼ ਕੁਮਾਰ ਦੀ ਨੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਸਾਫ ਸੁਥਰਾ ਬਣਾਉਣ ਲਈ ਅੱਜ ਅਲੱਗ ਅਲੱਗ ਥਾਵਾਂ ਦਾ ਦੌਰਾ ਕੀਤਾ ਗਿਆ ਤਾਂ ਕਿ ਗੁਰੂ ਨਗਰੀ ਸ੍ਰੀ ਆਨੰਦਪੁਰ ਸਾਹਿਬ ਨੂੰ ਕੱਚਰਾ ਮੁਕਤ ਕੀਤਾ ਜਾ ਸਕੇ। ਖਾਸ ਕਰਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਿੱਥੇ ਕੂੜੇ ਦਾ ਡੰਪ ਬਣਿਆ ਹੈ ਉੱਥੇ ਗਿੱਲਾ ਕੂੜਾ ਅਤੇ ਸੁੱਕੇ ਕੂੜੇ ਨੂੰ ਅਲੱਗ ਅਲੱਗ ਕਰਕੇ ਰੱਖਿਆ ਜਾਂਦਾ ਹੈ ਗਿੱਲੇ ਕੂੜੇ ਤੋਂ ਖਾਦ ਬਣਾਈ ਜਾਂਦੀ ਹੈ ਅਤੇ ਸੁੱਕੇ ਕੂੜੇ ਨੂੰ ਅਲੱਗ ਅਲੱਗ ਕਰਕੇ ਵੇਚਿਆ ਜਾਂਦਾ ਹੈ। ਰਾਊਂਡ ਗਲਾਸ ਫਾਊਂਡੇਸ਼ਨ ਦੇ ਡਾਕਟਰ ਰਜਨੀਸ਼ ਕੁਮਾਰ ਵੱਲੋਂ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਫਾਈ ਕਾਰਜਾਂ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ ਅਤੇ ਸੰਸਥਾ ਵੱਲੋਂ ਪੂਰਨ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ। ਇਸ ਦੌਰਾਨ ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ (ਈ.ਓ) ਮਦਨ ਲਾਲ ਸੈਂਟਰੀ ਇੰਸਪੈਕਟਰ ਤੇ ਡਾਕਟਰ ਰਜਨੀਸ਼ ਕੁਮਾਰ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਸਵੱਛ ਭਾਰਤ ਅਭਿਆਨ ਦਾ ਹਿੱਸਾ ਬਣਨ ਲਈ ਵੀ ਬੇਨਤੀ ਕੀਤੀ। ਇਸ ਮੌਕੇ ਤੇ ਜਸਪ੍ਰੀਤ ਸਿੰਘ ਜੇ.ਪੀ, ਮਦਨ ਲਾਲ ਸੈਂਨਟਰੀ ਇੰਸਪੈਕਟਰ , ਧਰਮਵੀਰ ਬੰਟੀ, ਰਾਜੂ, ਭਰਪੂਰ ਸਿੰਘ, ਰੋਮਨ ਪ੍ਰੀਤ ਸਿੰਘ, ਤਰਨਵੀਰ ਸਿੰਘ ਆਦਿ ਹਾਜ਼ਰ ਸਨ।

# ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਮੰਡਲ ਸਮਰਾਲਾ ਦਾ ਸਨਮਾਨ ਸਮਾਰੋਹ ਸ਼ਾਨਦਾਰ ਢੰਗ ਨਾਲ ਸੰਪਨ

ਲੋਕ ਬਾਣੀ/ ਲੁਧਿਆਣਾ/ਸਮਰਾਲਾ 17 ਨਵੰਬਰ
(ਵਰਿੰਦਰ ਪ੍ਰਕਾਸ਼ ਭਾਂਬਰੀ ,ਸੁਖਚੈਨ ਮਹਿਰਾ )



ਪਾਵਰਕਾਮ ਅਤੇ ਟਰਾਂਸਕੋ ਮੰਡਲ ਸਮਰਾਲਾ ਦੀ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਅੱਜ ਮੰਡਲ ਦਫਤਰ ਘੁਲਾਲ ਵਿਖੇ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਵਿੱਚ 73 ਸਾਲਾ ਭੈਣਾਂ ਨੂੰ ਸ਼ਾਲ ਅਤੇ 75 ਸਾਲਾ ਪੁਰਸ਼ ਪੈਨਸ਼ਨਰਾਂ ਨੂੰ ਲੋਈਆਂ ਅਤੇ ਹਾਰ ਪਹਿਨਾ ਕੇ ਸਮਰਾਲਾ ਮੰਡਲ ਦੇ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਹੇਠ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਪ੍ਰੈੱਸ ਸਕੱਤਰ ਜਗਤਾਰ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਤਕਰੀਬਨ 20 ਔਰਤਾਂ ਅਤੇ 28 ਪੁਰਸ਼ਾਂ ਨੂੰ ਸਨਮਾਨਿਤ ਕੀਤਾ ਗਿਆ, ਇਸ ਸਮਾਰੋਹ ਵਿੱਚ ਲਗਭਗ 250 ਦੇ ਕਰੀਬ ਪੁਰਸ਼ ਅਤੇ ਔਰਤ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ। ਇਸ ਸਮਾਗਮ ਵਿੱਚ ਉਚੇਚੇ ਤੌਰ ਤੇ ਇੰਜ: ਕੇ. ਪੀ. ਐਸ. ਸਿੱਧੂ ਵਧੀਕ ਨਿਗਰਾਨ ਇੰਜ: ਸਮਰਾਲਾ ਨੂੰ ਉਨ੍ਹਾਂ ਵੱਲੋਂ ਪੈਨਸ਼ਨਰਾਂ ਦੇ ਸਮੁੱਚੇ ਕੰਮਾਂ ਨੂੰ ਵਧੀਆ ਤਰੀਕੇ ਨਾਲ ਅਤੇ ਸਮੇਂ ਸਿਰ ਨੇਪਰੇ ਚਾੜਨ ਬਦਲੇ, ਪੈਨਸ਼ਨਰ ਐਸੋ: ਦੇ ਅਹੁਦੇਦਾਰਾਂ ਨਾਲ ਵਧੀਆਂ ਸਨਮਾਨਯੋਗ ਤਰੀਕੇ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੇ ਕੰਮਾਂ ਨੂੰ ਨੇਪਰੇ ਚਾੜਨ ਬਦਲੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਪੈਨਸ਼ਨਰਜ਼ ਐਸੋ: ਦੇ ਸੂਬਾ ਜਨਰਲ ਸਕੱਤਰ ਧੰਨਵੰਤ ਸਿੰਘ ਭੱਠਲ ਅਤੇ ਭਰਪੂਰ ਸਿੰਘ ਮਾਂਗਟ ਸਰਕਲ ਪ੍ਰਧਾਨ ਰੋਪੜ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਮੰਗ ਕੀਤੀ ਕਿ 1-1-2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 2.59 ਦੇ ਫਾਰਮੂਲੇ ਨਾਲ ਪੇਅ ਸੋਧੀ ਜਾਵੇ, ਸਕੇਲਾਂ ਦੇ ਬਕਾਏ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਏਰੀਅਰ ਦਿੱਤੇ ਜਾਣ, ਮੈਡੀਕਲ ਕੈਸ਼ਲੈਸ ਸਕੀਮ, 2500 ਰੁਪਏ ਫਿਕਸ ਮੈਡੀਕਲ ਭੱਤਾ, ਬਿਜਲੀ ਵਰਤੋਂ ਵਿੱਚ ਰਿਆਇਤ, 23 ਸਾਲਾ ਸਕੇਲ ਬਿਨਾਂ ਸ਼ਰਤ ਦਿੱਤਾ ਜਾਵੇ। ਸਮਾਗਮ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਪ੍ਰਮੁੱਖ ਤੌਰ ਤੇ ਇੰਜ: ਪ੍ਰੇਮ ਸਿੰਘ ਰਿਟਾ: ਐਸ. ਡੀ. ਓ., , ਰਜਿੰਦਰਪਾਲ ਵਡੇਰਾ ਡਿਪਟੀ ਸੀ. ਏ. ਓ., ਜਗਤਾਰ ਸਿੰਘ ਪ੍ਰੈੱਸ ਸਕੱਤਰ, ਮਹੇਸ਼ ਕੁਮਾਰ ਖਮਾਣੋਂ, ਦਰਸ਼ਨ ਸਿੰਘ ਕੈਸ਼ੀਅਰ, ਦਰਸ਼ਨ ਸਿੰਘ ਕੋਟਾਲਾ, ਜਸਵੰਤ ਸਿੰਘ ਢੰਡਾ, ਸੁਰਜੀਤ ਵਿਸ਼ਾਦ, ਮੋਹਣ ਸਿੰਘ ਮਾਂਗਟ ਸ਼ਾਮਲ ਸਨ। ਇਨ੍ਹਾਂ ਤੋਂ ਇਲਾਵਾ ਭਰਪੂਰ ਸਿੰਘ ਸਰਕਲ ਪ੍ਰਧਾਨ, ਧਨਵੰਤ ਸਿੰਘ ਭੱਠਲ ਸੂਬਾ ਸਕੱਤਰ ਨੇ ਸੰਬੋਧਨ ਕਰਦਿਆਂ ਸਰਕਾਰ ਅਤੇ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਜਲਦੀ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਸਟੇਜ ਸਕੱਤਰ ਦੀ ਭੂਮਿਕਾ ਇੰਜ: ਸੁਖਦਰਸ਼ਨ ਸਿੰਘ ਸਕੱਤਰ ਨੇ ਬਾਖੂਬੀ ਨਿਭਾਈ। 7) ਅਖੀਰ ਵਿੱਚ ਸਿਕੰਦਰ ਸਿੰਘ ਮੰਡਲ ਪ੍ਰਧਾਨ ਵੱਲੋਂ ਸਨਮਾਨ ਸਮਾਰੋਹ ਵਿੱਚ ਆਏ ਸਾਰੇ ਪੈਨਸ਼ਨਰਾਂ ਅਤੇ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ

# ਲੋਕ ਭਲਾਈ ਯੋਜਨਾ ਦਾ ਲਾਭ ਦੇ ਕੇ ਸਮਾਨਤਾ ਨਾਲ ਸਾਰੇ ਅਧਿਕਾਰ ਮੁਹੱਈਆ ਕਰਵਾਏ ਜਾਣ- ਰੁਪਿੰਦਰ ਕੌਰ

**ਲੋਕ ਬਾਣੀ/ ਮਾਲੇਰਕੋਟਲਾ 17 ਨਵੰਬਰ (ਵਰਿੰਦਰ ਗਿੱਲ )**




ਕੇਂਦਰੀ ਲੋਕ ਭਲਾਈ ਯੋਜਨਾਵਾਂ ਦਾ ਬਣਦਾ ਲਾਭ ਲੋੜਵੰਦਾਂ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਉਣ ਅਤੇ ਲੋੜਵੰਦ ਲੋਕਾਂ ਜੀਵਨ ਪੱਧਰ ਵਿੱਚ ਸੁਧਾਰ ਲਿਆਉਣ ਦੇ ਮਕਸਦ ਨਾਲ ਕੇਂਦਰ ਸਰਕਾਰ ਵੱਲੋਂ ਦੀ ਸ਼ੁਰੂਆਤ ਕੀਤੀ ਜਾ ਰਹੀਂ ਹੈ। ਜਿਸ ਦਾ ਮਨੋਰਥ ਆਮ ਲੋਕਾਂ ਤੱਕ 100ਫ਼ੀਸਦੀ ਕੇਂਦਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜ ਦਾ ਕਰਨਾ ਹੈ । ਇਸ ਗੱਲ ਦੀ ਜਾਣਕਾਰੀ ਉਪ ਸਕੱਤਰ,ਭਾਰਤ ਸਰਕਾਰ ਰੀਨਾ ਨਗਰ ਨੇ ਪੰਜਾਬ ਉਰਦੂ ਅਕਾਦਮੀ ਵਿਖੇ ਵਿਕਸਤ ਭਾਰਤ ਸੰਕਲਪ ਯਾਤਰਾ ਦੇ ਅਗੇਤੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਜ਼ਿਲ੍ਹੇ ਦੇ ਅਧਿਕਾਰੀਆਂ ਅਤੇ ਨੋਡਲ ਅਫ਼ਸਰਾਂ ਨਾਲ ਮੀਟਿੰਗ ਕਰਦਿਆ ਦਿੱਤੀ ।

ਉਨ੍ਹਾਂ ਕਿਹਾ ਕਿ 26 ਜਨਵਰੀ 2024 ਤੱਕ ਚੱਲਣ ਵਾਲੀ ਇਹ ਯਾਤਰਾ ਜ਼ਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੇਂਦਰ ਦੇ ਪ੍ਰਮੁੱਖ ਯੋਜਨਾਵਾਂ ਤੇ ਪ੍ਰੋਗਰਾਮਾਂ ਨੂੰ ਲਾਭਪਾਤਰੀਆਂ ਤੱਕ ਪਹੁੰਚਣ ਦੇ ਮਕਸਦ ਨਾਲ ਸ਼ੁਰੂਆਤ ਕੀਤੀ ਜਾ ਰਹੀ ਹੈ ਤਾਂ ਜੋ ਲੋੜਵੰਦਾਂ ਨੂੰ ਲੋਕ ਭਲਾਈ ਸਕੀਮਾਂ ਦਾ ਬਣਦਾ ਲਾਭ 100 ਫੀਸਦੀ ਮੁਹੱਈਆ ਕਰਵਾਇਆ ਜਾ ਸਕੇ ।

ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਲਗਾਏ ਗਏ ਨੋਡਲ ਅਫ਼ਸਰ ਵੱਲੋਂ ਵਿਕਸਤ ਭਾਰਤ ਸੰਕਲਪ ਯਾਤਰਾ-ਹਮਾਰਾ ਸੰਕਲਪ ਵਿਕਸਿਤ ਭਾਰਤ ਮੁਹਿੰਮ ਦੀ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਪਿੰਡਾਂ ਵਿਚ ਜਾਗਰੂਕਤਾ ਵੈਨਾਂ ਨੂੰ ਭੇਜ ਕੇ ਕੈਂਪ ਲਗਾਏ ਜਾਣ ।ਇਸ ਦੀ ਜਾਣਕਾਰੀ ਸਬੰਧਤ ਪਿੰਡਾਂ ਨੂੰ ਅਗੇਤੀ ਦਿੱਤੀ ਜਾਵੇਗੀ ਅਤੇ ਮੌਕੇ ਉੱਤੇ ਹੀ ਯੋਗ ਲਾਭਪਾਤਰੀਆਂ ਨੂੰ ਯੋਜਨਾਵਾਂ ਤੇ ਪ੍ਰੋਗਰਾਮਾਂ ਦੇ ਲਾਭ ਦਿੱਤੇ ਜਾਣਗੇ। ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਨ ਲਈ ਇਨ੍ਹਾਂ ਕੈਂਪਾਂ ਵਿੱਚ ਸਭਿਆਚਾਰਕ ਪ੍ਰੋਗਰਾਮ ਵੀ ਕਰਵਾਏ ਜਾਣਗੇ।

ਉਪ ਸਕੱਤਰ, ਭਾਰਤ ਸਰਕਾਰ ਨੇ ਕਿਹਾ ਕਿ ਹੁਣ ਤੱਕ ਕਦੀ ਨਾ ਕਵਰ ਕੀਤੇ ਗਏ ਲਾਭਪਾਤਰੀਆਂ ਦਾ ਮਾਰਗ ਦਰਸ਼ਨ ਕੀਤਾ ਜਾਵੇ। ਲੋਕ ਭਲਾਈ ਯੋਜਨਾਵਾਂ ਦਾ ਲਾਭ ਉਨ੍ਹਾਂ ਤੱਕ ਪਹੁੰਚ ਸਕੇ ਤਾਂ ਜੋ ਲੋੜਵੰਦ ਇਨ੍ਹਾਂ ਯੋਜਨਾਵਾਂ ਦਾ ਲਾਭ ਲੈ ਕੇ ਆਪਣਾ ਜੀਵਨ ਪੱਧਰ ਨੂੰ ਉੱਚਾ ਕਰ ਸਕਣ । ਉਨ੍ਹਾਂ ਕਿਹਾ ਕਿ ਇਸ ਮੌਕੇ ਲਾਭਪਾਤਰੀਆਂ ਦੇ ਸੁਝਾਅ ਅਤੇ ਸਫ਼ਲਤਾ ਦੇ ਕਿੱਸੇ ਸਾਂਝੇ ਕੀਤੇ ਜਾਣਗੇ ਤਾਂ ਜੋ ਅਣਗੌਲੇ ਗਏ ਹਰ ਵਿਅਕਤੀ ਨੂੰ ਪ੍ਰੇਰਿਤ ਕਰਕੇ ਹਰ ਯੋਜਨਾ ਦਾ ਲਾਭ ਦਿੱਤਾ ਜਾ ਸਕੇ । ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਸ੍ਰੀਮਤੀ ਰੁਪਿੰਦਰ ਕੌਰ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਦੇ ਲੋਕਾਂ ਨੂੰ ਹਰ ਲੋਕ ਭਲਾਈ ਯੋਜਨਾ ਦਾ ਲਾਭ ਦੇ ਕੇ ਸਮਾਨਤਾ ਨਾਲ ਸਾਰੇ ਅਧਿਕਾਰ ਮੁਹੱਈਆ ਕਰਵਾਏ ਜਾਣ । ਵਿਕਸਤ ਭਾਰਤ ਸੰਕਲਪ ਯਾਤਰਾ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਕਮੇਟੀ ਗਠਿਤ ਕਰ ਲਈ ਗਈ ਹੈ ਅਤੇ ਯੋਜਨਾਵਾਂ ਦੇ ਨੋਡਲ ਅਫ਼ਸਰ ਨਿਯੁਕਤ ਕਰ ਲਏ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਤੋਂ ਹੀ ਪਿੰਡਾਂ ਵਿਚ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ । ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਲਿਖਤੀ ਧਾਰਮਿਕ ਪ੍ਰੀਖਿਆ ਕਰਵਾਈ-: ਪ੍ਰਿੰ: ਚਰਨਜੀਤ ਸਿੰਘ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 17 ਨਵੰਬਰ (ਦਵਿੰਦਰਪਾਲ ਸਿੰਘ)**




ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਲੋਂ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਧਾਰਮਿਕ ਕੁਇਜ਼ ਮੁਕਾਬਲੇ ਸਬੰਧੀ ਲਿਖਤੀ ਧਾਰਮਿਕ ਪ੍ਰੀਖਿਆ ਕਰਵਾਈ ਗਈ ਜਿਸ ਵਿੱਚ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ 8 ਸਕੂਲਾਂ (ਸੰਤ ਬਾਬਾ ਸੇਵਾ ਸਿੰਘ ਜੀ ਖਾਲਸਾ ਮਾਡਲ ਸਕੂਲ ਭੱਲੜੀ ਅਤੇ ਜਿੰਦਵੜੀ, ਬਾਬਾ ਗੁਰਦਿੱਤਾ ਜੀ ਪਬਲਿਕ ਸਕੂਲ ਡੂੰਮੇਵਾਲ, ਐਸ. ਜੀ. ਐਸ. ਸੀ: ਸੈ: ਸਕੂਲ, ਸ੍ਰੀ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ, ਭਾਈ ਨੰਦ ਲਾਲ ਪਬਲਿਕ ਸਕੂਲ ਮਟੌਰ, ਮਾਤਾ ਸਾਹਿਬ ਕੌਰ ਅਕੈਡਮੀ ਪਿੰਡ ਡੱਬਰੀ, ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ, ਸਹੋਤਾ ਸ੍ਰੀ ਅਨੰਦਪੁਰ ਸਾਹਿਬ) ਦੇ ਬੱਚੇ ਸ਼ਮਾਲ ਹੋਏ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾ: ਚਰਨਜੀਤ ਸਿੰਘ ਪ੍ਰਿੰਸੀਪਲ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਨੇ ਕੀਤਾ। ਉਹਨਾਂ ਅੱਗੇ ਕਿਹਾ ਧਾਰਮਿਕ ਪ੍ਰੀਖਿਆ ਵਿੱਚ ਇਸ ਸਾਲ ਇਤਿਹਾਸ ਸ: ਜੱਸਾ ਸਿੰਘ ਰਾਮਗੜ੍ਹੀਆ, ਅਕਾਲੀ ਬਾਬਾ ਫੂਲਾ ਸਿੰਘ ਅਤੇ ਗੁਰਬਾਣੀ ਵਿੱਚੋਂ ( ਅਨੰਦ ਸਾਹਿਬ ਦੀਆਂ ਪਹਿਲੀ 20 ਪਉੜੀਆਂ ਅਤੇ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ ਪਹਿਲੇ 10 ਸ਼ਬਦ ਰਾਗ ਗਉੜੀ ਦੇ 9 ਅਤੇ ਆਸਾ ਰਾਗ ਦਾ 1 ਸ਼ਬਦ) ਸਿਲੇਬਸ ਵਿੱਚੋਂ ਲਿਖਤੀ ਪ੍ਰੀਖਿਆ ਲਈ ਗਈ। ਇਸ ਪ੍ਰੀਖਿਆ ਵਿੱਚ ਵੱਖ-ਵੱਖ ਸਕੂਲਾਂ ਵਿੱਚੋਂ ਪਹਿਲੇ ਨੰਬਰ ਤੇ ਆਉਣ ਵਾਲੇ ਪੰਜ ਸਕੂਲਾਂ ਦੇ ਬੱਚਿਆਂ ਦਾ ਸਟੇਜ ਤੇ ਹੀ ਕੁਇਜ਼ ਮਕਾਬਲਾ ਮਿਤੀ 17 ਦਸੰਬਰ 2023 ਨੂੰ ਗੁ: ਸੀਸ ਗੰਜ ਸਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਾਮ 7:00 ਵਜੇ ਤੋਂ ਲੈ ਕੇ ਰਾਤ 10:30 ਵਜੇ ਤੱਕ ਹੋਵੇਗਾ।ਇਹਨਾਂ ਮੁਕਾਬਲਿਆਂ ਵਿੱਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਲੋਂ 20000/- ਰੁਪਏ ਦੇ ਨਗਦ ਇਨਾਮ ਅਤੇ ਮੂਮੈਂਟੋ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਬੱਚਿਆਂ ਨੂੰ ਇਨਾਮਾਂ ਦੀ ਵੰਡ ਕਰਨਗੇ। ਇਸ ਸਮੇਂ ਸ: ਜਗਮੋਹਣ ਸਿੰਘ ਜ਼ੋਨਲ ਇੰਚਾਰਜ ਸਿੱਖ ਮਿਸ਼ਨਰੀ ਕਾਲਜ ਰੋਪੜ ਜ਼ੋਨ, ਪ੍ਰਿੰਸੀਪਲ ਚਰਨਜੀਤ ਸਿੰਘ, ਸ: ਜਸਵਿੰਦਰਪਾਲ ਸਿੰਘ (ਰਾਜਾ), ਸ: ਅਕਬਾਲ ਸਿੰਘ ਸੁਪਰਡੈਂਟ, ਸ: ਅਪਾਰ ਸਿੰਘ, ਸਕੂਲਾਂ ਦੇ ਧਾਰਮਿਕ ਅਧਿਆਪਕ, ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀ ਆਦਿ ਹਾਜ਼ਰ ਸਨ।



# ਸੇਵਾ ਦੇ ਪੁੰਜ ਤੇ ਪਰਉਪਕਾਰੀ-ਮਹੰਤ ਦਇਆ ਸਿੰਘ 'ਸੇਵਾਪੰਥੀ'

ਨਾ ਕੋ ਬੈਰੀ ਨਹੀ ਬਿਗਾਨਾ' ਗੁਰਵਾਕ ਅਨੁਸਾਰ ਸਿੱਖੀ ਸਿਧਾਂਤਾਂ ਤੇ ਦ੍ਰਿੜਤਾ ਨਾਲ ਪਹਿਰਾ ਦਿੰਦੇ ਹੋਏ ਲੋਕਾਈ ਦੀ ਭਲਾਈ ਅਤੇ ਸੇਵਾ ਸੰਭਾਲ ਦੇ ਅਨੂਠੇ ਕਾਰਜ ਵਿੱਚ ਲੀਨ ਭਾਈ ਕਨੱਈਆ ਜੀ ਨੇ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਬਖ਼ਸ਼ਿਸ਼ ਸਦਕਾ ਸੇਵਾ, ਸਿਮਰਨ ਅਤੇ ਵਿੱਦਿਆ ਦੇ ਮਹਾਨ ਕੇਂਦਰ ਉਸਾਰ ਕੇ 'ਸੇਵਾਪੰਥੀ' ਸੰਪਰਦਾਇ ਦੀ ਸਥਾਪਨਾ ਕੀਤੀ। ਸੇਵਾਪੰਥੀ ਸੰਤ-ਮਹਾਂਪੁਰਸ਼ ਅਨੇਕਾਂ ਹੋਏ, ਉਹਨਾਂ ਵਿੱਚੋਂ ਹੀ ਪਰ-ਉਪਕਾਰੀ, ਸੇਵਾ ਤੇ ਸਿਮਰਨ ਦੇ ਪੁੰਜ ਸਨ ਮਹੰਤ ਦਇਆ ਸਿੰਘ ਜੀ 'ਸੇਵਾਪੰਥੀ'।



ਮਹੰਤ ਦਇਆ ਸਿੰਘ ਜੀ

ਮਹੰਤ ਦਇਆ ਸਿੰਘ ਜੀ ਦਾ ਜਨਮ ਸੰਨ 1925 ਈ: ਸੰਮਤ 1982 ਬਿਕਰਮੀ 'ਚ ਪਿਤਾ ਸ: ਮਿਹਰ ਸਿੰਘ ਦੇ ਘਰ ਮਾਤਾ ਜੈ ਕੌਰ ਦੀ ਪਵਿੱਤਰ ਕੁੱਖ ਤੋਂ ਮਿੱਠਾ ਟਿਵਾਣਾ (ਪਾਕਿਸਤਾਨ) ਵਿਖੇ ਹੋਇਆ। ਬਚਪਨ ਤੋਂ ਹੀ ਆਪ ਸਾਧੂ-ਸੁਭਾਅ ਦੇ ਸਨ। ਆਪ ਨੇ ਸਕੂਲੀ ਵਿੱਦਿਆ ਚੌਥੀ ਜਮਾਤ ਤੱਕ ਹੀ ਪ੍ਰਾਪਤ ਕੀਤੀ। ਆਪ ਸਮੇਤ ਸੱਤ ਭਰਾ ਸਨ। ਮਹੰਤ ਦਇਆ ਸਿੰਘ ਨੇ ਘਰ-ਪਰਿਵਾਰ ਨਾਲ ਬਿਲਕੁਲ ਮੋਹ ਨਹੀਂ ਰੱਖਿਆ ਸੀ, ਨਾ ਹੀ ਉਹ ਪਰਿਵਾਰ ਵੱਲ ਧਿਆਨ ਦਿੰਦੇ ਸਨ। ਜਦੋਂ ਉਹਨਾਂ ਦੀ ਮਾਤਾ ਜੈ ਕੌਰ ਅਕਾਲ ਚਲਾਣਾ ਕਰ ਗਏ ਸਨ ਤਾਂ ਉਸ ਸਮੇਂ ਮਹੰਤ ਦਇਆ ਸਿੰਘ ਤੇ ਮਹੰਤ ਤਾਰਾ ਸਿੰਘ ਜੀ ਜਲੰਧਰ ਵਿੱਚ ਹੋਣ ਦੇ ਬਾਵਜੂਦ ਵੀ ਸਸਕਾਰ ਤੇ ਨਹੀਂ ਪਹੁੰਚੇ ਸਨ।

ਮਹੰਤ ਦਇਆ ਸਿੰਘ ਜੀ ਨੇ ਮਹੰਤ ਜਵਾਹਰ ਸਿੰਘ ਜੀ ਪਾਸੋਂ ਗੁਰਬਾਣੀ ਦੀ ਸੰਥਿਆ ਪ੍ਰਾਪਤ ਕੀਤੀ। ਮਹੰਤ ਜਵਾਹਰ ਸਿੰਘ ਨੇ ਉਹਨਾਂ ਨੂੰ ਗੁਰਮਤਿ ਸਮਾਗਮਾਂ ਅਤੇ ਅਸਥਾਨ ਵਿਖੇ ਕਥਾ, ਗੁਰਮਤਿ ਵਿਚਾਰ ਕਰਨ ਲਾਇਆ। ਮਹੰਤ ਦਇਆ ਸਿੰਘ ਪੰਜ ਪਿਆਰਿਆਂ ਪਾਸੋਂ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਉਹ ਕ੍ਰਿਪਾਨ ਵੀ ਚੋਲੇ (ਕਮੀਜ਼) ਦੇ ਉੱਪਰੋਂ ਦੀ ਧਾਰਨ ਕਰਦੇ ਸਨ। ਉਹ ਰੋਜ਼ਾਨਾ ਅੰਮ੍ਰਿਤ ਵੇਲੇ ਨਿੱਤ-ਨੇਮ ਕਰਨ ਉਪਰੰਤ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋਣ ਜਾਂਦੇ ਸਨ ਤੇ ਇਕਾਗਰ-ਚਿੱਤ ਹੋ ਕੇ ਕਈ-ਕਈ ਘੰਟੇ ਕੀਰਤਨ ਸੁਣਦੇ ਹੁੰਦੇ ਸਨ।

ਮਹੰਤ ਦਇਆ ਸਿੰਘ ਗ਼ਰੀਬ, ਲੋੜਵੰਦ ਦੀ ਹਰ ਮੱਦਦ ਕਰਨ ਦੀ ਕੋਸ਼ਿਸ਼ ਕਰਦੇ ਸਨ। ਉਹ ਕਿਸੇ ਦਾ ਦੁੱਖ ਨਹੀਂ ਦੇਖ ਸਕਦੇ ਸਨ। ਜੇਕਰ ਕੋਈ ਦੁਖੀ ਆਪਣੀ ਫ਼ਰਿਆਦ ਲੈ ਕੇ ਮਹੰਤ ਦਇਆ ਸਿੰਘ ਜੀ ਕੋਲ ਆਉਂਦਾ ਤਾਂ ਆਪ ਉਸ ਦੀ ਦੇਹ ਅਰੋਗਤਾ ਲਈ ਉਸ ਸਮੇਂ ਹੀ ਅਰਦਾਸ ਕਰਨ ਲਈ ਖੜ੍ਹੇ ਹੋ ਜਾਂਦੇ ਸਨ। ਮਹੰਤ ਦਇਆ ਸਿੰਘ ਜੀ ਨੇ 1978-79 ਵਿੱਚ ਅਮਰੀਕਾ, ਕੈਨੇਡਾ, ਇੰਗਲੈਂਡ, ਜਰਮਨ ਵਿੱਚ ਲਗਾਤਾਰ ਚਾਰ ਮਹੀਨੇ ਗੁਰਮਤਿ ਵਿਚਾਰਾਂ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਮਹੰਤ ਜਵਾਹਰ ਸਿੰਘ ਜੀ ਦੇ ਕਹਿਣ ਤੇ ਹੀ ਮਹੰਤ ਦਇਆ ਸਿੰਘ ਜੀ ਸ਼੍ਰੀ ਗੋਇੰਦਵਾਲ ਸਾਹਿਬ ਵਿਖੇ ਬਾਉਲੀ ਸਾਹਿਬ ਤੇ ਚੌਰਾਸੀ ਕੱਟ ਕੇ ਆਏ। ਮਹੰਤ ਦਇਆ ਸਿੰਘ, ਮਹੰਤ ਜਵਾਹਰ ਸਿੰਘ ਦੇ ਚੇਲੇ ਸਨ। ਆਪ ਮਹੰਤ ਜਵਾਹਰ ਸਿੰਘ ਦਾ ਹਰ ਹੁਕਮ ਸਿਰ ਮੱਥੇ ਮੰਨਦੇ ਸਨ। ਮਹੰਤ ਦਇਆ ਸਿੰਘ, ਦਇਆ ਅਤੇ ਸ਼ਾਂਤੀ ਦੇ ਪੁੰਜ ਸਨ। ਉਹਨਾਂ ਦੇ ਦਿਲ ਵਿੱਚ ਮਨੁੱਖਤਾ ਪ੍ਰਤੀ ਅਥਾਹ ਦਰਦ ਅਤੇ ਪ੍ਰੇਮ ਸੀ। ਇੱਕ ਵਾਰ ਦੀ ਗੱਲ ਹੈ ਕਿ ਅੰਮ੍ਰਿਤ ਵੇਲੇ ਸਾਢੇ ਤਿੰਨ ਵਜੇ ਇੱਕ ਬਜ਼ੁਰਗ ਮਾਤਾ ਆਪਣੀ ਪੋਤਰੀ ਨੂੰ ਲੈ ਕੇ ਗੁਰਦੁਆਰਾ ਸਾਹਿਬ ਦੇ ਬਾਹਰ ਖੜ੍ਹੀ ਸੀ। ਉਸ ਨੇ ਗੁਰਦੁਆਰਾ ਸਾਹਿਬ ਦਾ ਦਾ ਦਰਵਾਜ਼ਾ ਜ਼ੋਰ-ਜ਼ੋਰ ਦੀ ਖੜਕਾਇਆ। ਮਹੰਤ ਦਇਆ ਸਿੰਘ ਜੀ ਨੇ ਸੇਵਾਦਾਰ ਸੁਰਿੰਦਰ ਸਿੰਘ (ਮੌਜੂਦਾ ਮਹੰਤ) ਨੂੰ ਕਿਹਾ ਕਿ ਦੇਖੋ ਕੌਣ ਹੈ? ਸੇਵਾਦਾਰ ਸੁਰਿੰਦਰ ਸਿੰਘ ਨੇ ਕਮਰੇ ਦੀ ਖਿੜਕੀ ਖੋਲ੍ਹ ਕੇ ਦੇਖਿਆ ਤਾਂ ਮਹੰਤ ਦਇਆ ਸਿੰਘ ਜੀ ਨੂੰ ਦੱਸਿਆ ਕਿ ਇੱਕ ਬਜ਼ੁਰਗ ਮਾਤਾ ਆਪਣੀ ਪੋਤਰੀ ਨੂੰ ਗੋਦ 'ਚ ਲੈ ਕੇ ਰੋ ਰਹੀ ਹੈ। ਮਹੰਤ ਦਇਆ ਸਿੰਘ ਜੀ ਨੇ ਸੇਵਾਦਾਰ ਸੁਰਿੰਦਰ ਸਿੰਘ ਨੂੰ ਕਿਹਾ ਕਿ ਸਾਰੇ ਸੇਵਾਦਾਰਾਂ ਨੂੰ ਉਠਾ ਕੇ ਹਾਲ ਕਮਰੇ ਵਿੱਚ ਭੇਜ ਦਿਓ ਤੇ ਆਪ ਹੇਠਾਂ ਜਾ ਕੇ ਦਰਵਾਜ਼ਾ ਖੋਲ੍ਹੋ। ਸੇਵਾਦਾਰ ਸੁਰਿੰਦਰ ਸਿੰਘ ਤੇ ਮਹੰਤ ਦਇਆ ਸਿੰਘ ਜੀ ਨੇ ਦੇਖਿਆ ਕਿ ਮਾਤਾ ਦੀ ਗੋਦ ਵਿੱਚ ਉਸ ਦੀ ਪੋਤਰੀ ਬੇਹੋਸ਼ ਸੀ। ਉਸ ਨੂੰ ਕੋਈ ਹੋਸ਼ ਨਹੀਂ ਸੀ। ਮਹੰਤ ਦਇਆ ਸਿੰਘ ਜੀ ਨੇ ਸੇਵਾਦਾਰ ਸੁਰਿੰਦਰ ਸਿੰਘ ਨੂੰ ਕਿਹਾ ਕਿ ਇੱਕ ਪਾਣੀ ਦਾ ਗਲਾਸ ਲੈ ਕੇ ਆਓ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ 'ਚ ਰੱਖ ਕੇ ਆਪ ਵੀ ਹਾਲ ਕਮਰੇ ਵਿੱਚ ਚਲੇ ਜਾਓ। ਮਹੰਤ ਦਇਆ ਸਿੰਘ ਜੀ ਨੇ ਨੇਤਰ ਬੰਦ ਕਰਕੇ, ਅੰਤਰ ਧਿਆਨ ਹੋ ਕੇ ਪਾਠ ਕਰਕੇ ਅਰਦਾਸ ਕੀਤੀ ਤੇ ਬੱਚੀ ਦੇ ਸਰੀਰ ਉੱਪਰ ਜਲ (ਪਾਣੀ) ਦੇ ਛਿੱਟੇ ਮਾਰੇ। ਕੁਝ ਚਿਰ ਬਾਅਦ ਬੱਚੀ ਠੀਕ ਹੋ ਗਈ।

ਸੇਵਾ ਦੇ ਪੁੰਜ, ਪਰਉਪਕਾਰੀ, ਤਿਆਗੀ, ਤਪੱਸਵੀ ਮਹੰਤ ਦਇਆ ਸਿੰਘ ਜੀ 'ਸੇਵਾਪੰਥੀ' 3 ਸਤੰਬਰ 1995 ਈ: ਸੰਮਤ 2052 ਬਿਕਰਮੀ ਨੂੰ 70 ਸਾਲ ਦੀ ਉਮਰ ਭੋਗ ਕੇ ਸੰਸਾਰਿਕ ਚੋਲਾ ਤਿਆਗ ਕੇ ਗੁਰਪੁਰੀ ਸਿਧਾਰ ਗਏ।

ਮਹੰਤ ਸੁਰਿੰਦਰ ਸਿੰਘ ਜੀ ਸੇਵਾਪੰਥੀ ਨੇ ਇੱਕ ਵਾਰ ਸੇਵਾਪੰਥੀ ਅੱਡਣ ਸ਼ਾਹੀ ਸਭਾ ਦੇ ਪ੍ਰਧਾਨ ਮਹੰਤ ਤੀਰਥ ਸਿੰਘ ਸੇਵਾਪੰਥੀ ਨੂੰ ਪੁੱਛਿਆ ਕਿ ਜਿਸ ਸਮੇਂ ਮਹਾਂਪੁਰਸ਼ ਸੱਚ-ਖੰਡ ਜਾ ਬਿਰਾਜਦੇ ਹਨ ਤਾਂ ਉਸ ਤਾਰੀਖ਼ ਨੂੰ ਹੀ ਉਹਨਾਂ ਦੀ ਯਾਦ ਮਨਾਈ ਜਾਣੀ ਚਾਹੀਦੀ ਹੈ ਤਾਂ ਮਹੰਤ ਤੀਰਥ ਸਿੰਘ ਜੀ ਨੇ ਉੱਤਰ ਦਿੱਤਾ, ਇਹ ਜ਼ਰੂਰੀ ਨਹੀਂ ਹੈ। ਮਹਾਂਪੁਰਸ਼ਾਂ ਦੀ ਯਾਦ ਕੁਝ ਦਿਨ ਅੱਗੇ ਪਿੱਛੇ ਕਰਕੇ ਵੀ ਮਨਾਈ ਜਾ ਸਕਦੀ ਹੈ।

ਮਹੰਤ ਸੁਰਿੰਦਰ ਸਿੰਘ ਜੀ ਨੇ ਮਹੰਤ ਤੀਰਥ ਸਿੰਘ ਜੀ ਨੂੰ ਕਿਹਾ,÷ ਕਿ ਮਹੰਤ ਦਇਆ ਸਿੰਘ ਜੀ ਸੇਵਾਪੰਥੀ 3 ਸਤੰਬਰ 1995 ਈਸਵੀ ਨੂੰ ਗੁਰਪੁਰੀ ਪਿਆਨਾ ਕਰ ਗਏ ਸਨ। ਉਸ ਸਮੇਂ ਗਰਮੀ ਬਹੁਤ ਸੀ। ਜੇਕਰ ਉਹਨਾਂ ਦੀ ਯਾਦ (ਯੱਗ- ਸਮਾਗਮ/ਬਰਸੀ) ਨਵੰਬਰ ਮਹੀਨੇ ਵਿੱਚ ਮਨਾ ਲਈ ਜਾਵੇ, ਕਿਉਂਕਿ ਉਸ ਸਮੇਂ ਮੌਸਮ ਵਿੱਚ ਤਬਦੀਲੀ ਆ ਜਾਂਦੀ ਹੈ। ਨਾ ਜ਼ਿਆਦਾ ਗਰਮੀ ਹੁੰਦੀ ਹੈ ਤੇ ਨਾ ਹੀ ਜ਼ਿਆਦਾ ਠੰਡ ਹੁੰਦੀ ਹੈ। ਮਹੰਤ ਤੀਰਥ ਸਿੰਘ ਜੀ ਸੇਵਾਪੰਥੀ ਨੇ ਕਿਹਾ, ਠੀਕ ਹੈ। ਉਸ ਸਮੇਂ ਤੋਂ ਹੀ ਮਹੰਤ ਦਇਆ ਸਿੰਘ ਜੀ ਸੇਵਾ ਪੰਥੀ ਯਾਦ ਵਿੱਚ ਸਾਲਾਨਾ ਯੱਗ -ਸਮਾਗਮ ਨਵੰਬਰ ਮਹੀਨੇ ਵਿੱਚ ਮਨਾਉਣਾ ਸ਼ੁਰੂ ਕੀਤਾ ਗਿਆ। ਗੁਰਦੁਆਰਾ ਡੇਰਾ ਮਿੱਠਾ ਟਿਵਾਣਾ, ਚੌਂਕ ਬਾਬਾ ਸਾਹਿਬ, ਅੰਮ੍ਰਿਤਸਰ ਵਿਖੇ ਸ੍ਰੀਮਾਨ ਮਹੰਤ ਸੁਰਿੰਦਰ ਸਿੰਘ ਜੀ 'ਸੇਵਾਪੰਥੀ' ਦੀ ਸਰਪ੍ਰਸਤੀ ਹੇਠ ਮਹੰਤ ਦਇਆ ਸਿੰਘ ਜੀ 'ਸੇਵਾਪੰਥੀ' ਦਾ 28ਵਾਂ ਬਰਸੀ ਸਮਾਗਮ 17,18, ਤੇ 19 ਨਵੰਬਰ ਦਿਨ ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਬੜੇ ਪ੍ਰੇਮ, ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। 17 ਨਵੰਬਰ ਨੂੰ ਸਵੇਰੇ 11 ਵਜੇ ਅਖੰਡ-ਪਾਠ ਸਾਹਿਬ ਆਰੰਭ ਹੋਣਗੇ। ਜਿਨ੍ਹਾਂ ਦੀ ਸਮਾਪਤੀ 19 ਨਵੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਹੋਵੇਗੀ, ਉਪਰੰਤ ਕੀਰਤਨ-ਦਰਬਾਰ ਅਤੇ ਸੰਤ-ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਵੇਗਾ। ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜਥੇ, ਪ੍ਰਚਾਰਕ, ਸੰਤ-ਮਹਾਂਪੁਰਸ਼ ਗੁਰੂ ਜਸ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਕਰਨੈਲ ਸਿੰਘ
ਐੱਮ.ਏ. ਲੁਧਿਆਣਾ

# ਮਜ਼ਦੂਰਾਂ ਨੂੰ ਧੁਰਾ ਬਣਾ ਸੱਤਾ ਵਿੱਚ ਆਈ ਸੂਬਾ ਸਰਕਾਰ ਨੂੰ ਕਿਓ ਭੁੱਲੇ ਮਜ਼ਦੂਰ

## ਕਦੋਂ ਚੱਲੇਗਾ ਮਜ਼ਦੂਰਾਂ ਦੇ ਹੱਕ ਵਿੱਚ ਹਰਾ ਪੈਨ ਜਾਂ ਸਿਰਫ ਸੋਹਲੇ

**ਲੋਕ ਬਾਣੀ/ ਅਮਰਗੜ੍ਹ 17 ਨਵੰਬਰ (ਵਰਿੰਦਰ ਗਿੱਲ)**



ਮਜ਼ਦੂਰਾਂ ਨੂੰ ਧੁਰਾ ਬਣਾ ਸੱਤਾ ਵਿੱਚ ਸੂਬਾ ਸਰਕਾਰ ਨੂੰ ਡੇਢ ਦਹਾਕੇ ਤੋਂ ਵੱਧ ਦਾ ਸਮਾਂ ਬੀਤ ਚੁੱਕਿਆ ਹੈ। ਜੇਕਰ ਗੱਲ ਚਾਪਲੂਸੀ ਤੋਂ ਦੂਰ ਰਹਿ ਕੇ ਕੀਤੀ ਜਾਵੇ ਤਾਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਮਜ਼ਦੂਰਾਂ ਨੂੰ ਦਿਖਾਏ ਭਾਸ਼ਣੀ ਸੁਪਨੇ ਮਹਿਜ ਸੁਪਨੇ ਹੀ ਜਾਪਦੇ ਹਨ। ਸੱਤਾ ਵਿੱਚ ਆਉਣ ਤੋਂ ਪਹਿਲਾਂ ਮਜ਼ਦੂਰਾਂ ਨਾਲ ਕੀਤੇ ਵਾਅਦੇ ÷ਊਠ ਦੇ ਬੁੱਲ÷ ਵਾਲੀ ਕਹਾਵਤ ਤੋਂ ਘੱਟ ਨਹੀਂ ਜਾਪਦੇ, ਜੇ ਇੱਕ ਝਾਤ ਮਾਰੀ ਜਾਵੇ ਤਾਂ ਮਜ਼ਦੂਰਾਂ ਨਾਲ ਇੱਕ ਕੋਝਾ ਮਜ਼ਾਕ ਕੀਤਾ ਗਿਆ ਹੈ। ਬਿਜਲੀ ਦੀ ਗੱਲ ਕਰੀਏ ਤਾਂ ਹਰੇਕ ਸਬ- ਡਿਵੀਜ਼ਨ ਵਿੱਚ 23 ਤੋਂ ਲੈ ਕੇ 27 ਪ੍ਰਤੀਸ਼ਤ ਤੱਕ ਲੋਕਾਂ ਨੇ ਹਜ਼ਾਰਾਂ ਰੁਪਏ ਵਿੱਚ ਬਿਜਲੀ ਬਿੱਲ ਅਦਾ ਕੀਤੇ ਹਨ। ਲੋਕ ਇਸ ਬਦਲਾਅ ਤੋਂ ਪਰੇਸ਼ਾਨ ਹਨ, ਕਿ ਜਦ 400 ਯੂਨਿਟ ਮੁਆਫੀ ਸੀ, ਉਸ ਸਮੇਂ ਜ਼ੀਰੋ ਬਿੱਲ ਆਉਂਦਾ ਰਿਹਾ, ਪਰ ਹੁਣ 600 ਦੀ ਮੁਆਫੀ ਤੇ ਵੀ ਹਜ਼ਾਰਾਂ ਰੁਪਏ ਬਿਲ ਦੀ ਭਰਪਾਈ ਕਰਨੀ ਪੈ ਰਹੀ ਹੈ। ਬਿਜਲੀ ਦੀ ਮਾਰ ਨੇ ਆਮ ਜਨਤਾ ਨੂੰ ਫਿਰ ਲੰਘ ਚੁੱਕੀਆਂ ਸਰਕਾਰਾਂ ਚੇਤੇ ਕਰਵਾ ਦਿੱਤੀਆਂ ਹਨ। ਦੂਜੇ ਪਾਸੇ ਗੱਲ ਕਰੀਏ ਲਾਲ ਲਕੀਰ ਵਾਲੇ ਮਕਾਨਾਂ ਦੇ ਮਾਲਕਾਂਨਾ ਹੱਕ ਦੇਣ ਦੀ ਤਾਂ ਪੰਜਾਬ ਸਰਕਾਰ ਦੇ ਇਸ ਵਾਅਦੇ ਤੋਂ ਵੀ ਸੈਕੜੇ ਪਿੰਡਾਂ ਦੀਆਂ ਫਰਦਾਂ ਹਾਲੇ ਤੱਕ ਸੱਖਣੀਆਂ ਹਨ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਲਾਲ ਲਕੀਰ ਦੇ ਮਾਲਕਾਨਾ ਹੱਕਾ ਦੀ ਵਿਉਂਤਬੰਦੀ ਹਾਲੇ ਵੀ ਜ਼ੀਰੋ ਤੇ ਹੀ ਰੁਕੀ ਹੋਈ ਹੈ। ਇਸ ਤੋਂ ਇਲਾਵਾ ਕੋਆਪ੍ਰੇਟਿਵ ਸੁਸਾਇਟੀ ਵਿੱਚ ਮਜ਼ਦੂਰਾਂ ਦੀ ਮੈਂਬਰਸ਼ਿਪ ਦੀ ਗੱਲ ਕਰੀਏ,ਬੈਂਕਾਂ ਵਿੱਚ ਕਰਜ਼ੇ ਲੈਣ ਜਾਂ ਕਰਜ਼ੇ ਦੀ ਮੁਆਫੀ ਦੀ ਗੱਲ ਕਰੀਏ, ਜਾਂ ਫਿਰ ਪੰਚਾਇਤੀ ਜਮੀਨਾਂ ਦੀ ਗੱਲ ਕਰੀਏ, ਅੱਜ ਵੀ ਜੇਕਰ ਦੇਖਿਆ ਜਾਵੇ ਤਾਂ 15 ਸਾਲਾਂ ਦੇ ਵਿੱਚ ਮਜ਼ਦੂਰਾਂ ਦੀ ਦਿਹਾੜੀ 250 ਤੋਂ 450 ਤੱਕ ਪਹੁੰਚੀ ਹੈ। ਪਰ ਉਸ ਦੀ ਹਰ ਰੋਜ਼ ਵਰਤੋਂ ਵਾਲੀਆਂ ਵਸਤੂਆਂ ਵਿੱਚ ਤਿੰਨ ਗੁਣਾ ਇਜਾਫਾ ਹੋਇਆ ਹੈ। ਜੋ ਕਿ ਕਾਰਪੋਰੇਟ ਘਰਾਣਿਆਂ ਨੂੰ ਬਣਾਉਣ ਵਿੱਚ ਵੱਡਾ ਯੋਗਦਾਨ ਅਦਾ ਕਰਦਾ ਹੈ।

1 ਮਈ ਮਜ਼ਦੂਰ ਦਿਵਸ ਤੇ ਮਾਨਯੋਗ ਮੁੱਖ ਮੰਤਰੀ ਵੱਲੋਂ ਸੰਬੋਧਨ ਤੇ ਮੱਘਦਾ ਰਹੀ ਵੇ ਸੂਰਜਾ ਕੰਮੀਆਂ ਦੇ ਵੇਹੜੇ ਬੋਲਾਂ ਨੇ ਮਜ਼ਦੂਰਾਂ ਪ੍ਰਤੀ ਇੱਕ ਆਸ ਬੱਝੀ, ਪਰ 8 ਤੋਂ 12 ਘੰਟੇ ਮਜ਼ਦੂਰ ਦੀ ਡਿਊਟੀ ਨੇ ਪੰਜਾਬ ਸਰਕਾਰ ਦਾ ਅਸਲ ਮਜ਼ਦੂਰ ਪ੍ਰਤੀ ਰਵੱਈਆ ਸਪਸ਼ਟ ਕਰ ਦਿੱਤਾ। ਰਹਿੰਦੇ ਕਾਰਜਕਾਲ ਵਿੱਚ ਇਹ ਦੇਖਣਾ ਕਿਸੇ ਕ੍ਰਿਸ਼ਮੇ ਤੋਂ ਘੱਟ ਨਹੀਂ ਹੋਵੇਗਾ, ਕਿ ਮਜ਼ਦੂਰ ਅਤੇ ਕ੍ਰਾਂਤੀਕਾਰੀਆਂ ਦੇ ਨਾਮ ਤੇ ਰਾਜਨੀਤੀ ਕਰ ਸੱਤਾ ਵਿੱਚ ਆਈ ਪੰਜਾਬ ਸਰਕਾਰ ਮਜ਼ਦੂਰਾਂ ਨਾਲ ਕੀਤੇ ਵਾਅਦਿਆਂ ਪ੍ਰਤੀ ਕਿੰਨੀ ਕੁ ਵਫਾਦਾਰੀ ਨਿਭਾਏਗੀ ਜਾਂ ਫਿਰ ਇਹ ਐਲਾਨ ਹੀ ਹਨ।

# ਉੱਚ ਪ੍ਰਸ਼ਾਸ਼ਨਿਕ ਰੁਤਬਿਆਂ ‘ਤੇ ਸਿੱਖ ਚਿਹਰਿਆਂ ਦੀ ਘੱਟਦੀ ਨਫਰੀ ਕੌਮ ਦੇ ਭਵਿੱਖ ਲਈ ਚਿੰਤਾ ਦਾ ਵਿਸ਼ਾ: ਡਾ ਵਿਜੇ ਸਤਬੀਰ ਸਿੰਘ

**ਲੋਕ ਬਾਣੀ/ ਹਜ਼ੂਰ ਸਾਹਿਬ, 17 ਨਵੰਬਰ**



-ਸਿੱਖ ਪਰਿਵਾਰਾਂ ‘ਚ ਜਨਮੇ ਬੱਚੇ ਆਪਣੀ ਕਾਬਲੀਅਤ ਬਦੌਲਤ ਆਪਣੇ ਦੇਸ਼ ‘ਚ ਰਹਿ ਕੇ ਵੀ ਉੱਚ ਅਹੁਦਿਆਂ ‘ਤੇ ਪੁੱਜ ਕੇ ਸੁਨਹਿਰੀ ਭਵਿੱਖ ਦੇ ਨਾਲ-ਨਾਲ ਦੇਸ਼ ਦੀ ਸੇਵਾ ਵਿਚ ਵੱਡਾ ਯੋਗਦਾਨ ਪਾ ਸਕਦੇ ਹਨ। ਇਹ ਗੱਲਾਂ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਦੇ ਮੁੱਖ ਪ੍ਰਬੰਧਕ ਡਾ: ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਨੇ ਅੱਜ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧ ਅਧੀਨ ਚਲਾਏ ਜਾ ਰਹੇ ਸੱਚਖੰਡ ਪਬਲਿਕ ਸਕੂਲ ਵਿਚਲੇ ਉਨ੍ਹਾਂ ਵਿਦਿਅਰਥੀਆਂ ਨਾਲ ਵਿਚਾਰਾਂ ਦੀ ਸਾਂਝ ਪਾਉਦਿਆਂ ਪ੍ਰਗਟਾਏ। ਜਿਹੜੇ ਯੂ.ਪੀ.ਐਸ.ਈ ਦੇ ਇਮਤਿਹਾਨਾਂ ਦੀ ਤਿਆਰੀ ਲਈ ਕੋਚਿੰਗ ਲੈ ਰਹੇ ਹਨ। ਉਨ੍ਹਾਂ ਇੱਕ ਪ੍ਰਸ਼ਾਸ਼ਕ ਦੇ ਤੌਰ ਤੇ ਅਤੇ ਗੁਰਦੁਆਰਾ ਬੋਰਡ ਦੇ ਅਧਿਕਾਰੀਆਂ ਦੇ ਸਹਿਯੋਗ ਦੀ ਗੱਲ ਕਰਦਿਆਂ ਉੱਚ ਮਿਆਰੀ ਵਿਦਿਆ ਅਤੇ ਉੱਚ ਮਿਆਰੀ ਸਿਹਤ ਸਹੂਲਤ ਲਈ ਪ੍ਰਤੀਬੱਧਤਾ ਨੂੰ ਮੁੜ ਦੁਹਰਾਉਦਿਆਂ ਦੱਸਿਆ ਕਿ ਲਾਇਬਰੇਰੀ ਵਿੱਚ ਲੋੜੀਂਦੇ ਦਸਤਾਵੇਜ਼ ਅਤੇ ਕੰਪਿਊਟਰ ਮਾਧਿਅਮ ਦੀ ਸਹੂਲਤ ਉਪਲੱਬਧ ਕਰਵਾਈ ਗਈ ਹੈ। ਉਨ੍ਹਾਂ ਯੋਗ ਤੇ ਤਜ਼ਰਬੇਕਾਰ ਸਟਾਫ ਅਤੇ ਲੋੜੀਂਦੇ ਮਾਹੌਲ ਸਬੰਧੀ ਵੀ ਦੱਸਦਿਆਂ ਕਿਹਾ ਕਿ ਉਹ ਸਿੱਖ ਨੌਜਵਾਨਾਂ ਨੂੰ ਆਪਣੀ ਕਾਬਲੀਅਤ ਬਦੌਲਤ ਆਈ.ਏ. ਐਸ., ਆਈ.ਪੀ.ਐਸ., ਆਈ. ਐਫ.ਐਸ. ਅਧਿਕਾਰੀਆਂ ਵਜੋਂ ਵੱਧ ਤੋਂ ਵੱਧ ਗਿਣਤੀ ਵਿਚ ਵੇਖਣਾ ਚਾਹੁੰਦੇ ਹਨ, ਕਿਉਕਿ ਮੌਜੂਦਾ ਦੌਰ ‘ਚ ਇਸ ਖੇਤਰ ਵਿਚ ਟਾਵਾਂ-ਟਾਵਾਂ ਪੱਖ ਹੀ ਵੇਖਣ ਨੂੰ ਆ ਰਿਹਾ ਹੈ, ਜੋ ਕਿ ਕੌਮ ਦੇ ਭਵਿੱਖ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦਿਲੀ ਖੁਵਾਇਸ਼ ਜਾਹਰ ਕਰਦਿਆਂ ਕਿਹਾ ਕਿ ਉਹ ਗੁਰੂ ਗੋਬਿੰਦ ਸਿੰਘ ਜੀ ਦੇ ਚਰਨ ਛੋਹ ਪ੍ਰਾਪਤ ਨਗਰੀ ਹਜ਼ੂਰ ਸਾਹਿਬ ਦੇ ਨੌਜਵਾਨਾਂ ਨੂੰ ਵੱਖ ਵੱਖ ਕੰਪੀਟੀਸ਼ਨਜ਼ ਇਮਤਿਹਾਨਾਂ ਲਈ ਸਖਤ ਮਿਹਨਤ ਨਾਲ ਤਿਆਰੀ ਕਰਕੇ ਸਭ ਤੋਂ ਦੇਸ਼ ਵਿਚਲੇ ਸਰਵੋਤਮ ਅਹੁਦਿਆਂ ਆਈ.ਏ. ਐਸ., ਆਈ.ਪੀ.ਐਸ., ਆਈ.ਐਫ.ਐਸ. ਤੇ ਤਾਇਨਾਤ ਹੋ ਕੇ ਦੇਸ਼ ਦੀ ਸੇਵਾ ਲਈ ਅੱਗੇ ਆਏ ਵੇਖਣਾ ਚਾਹੁੰਦੇ ਹਨ ਜਿਸ ਨਾਲ ਦੇਸ਼ ਵਿਚਲੇ ਹੋਰ ਖੇਤਰਾਂ ‘ਚੋਂ ਸਿੱਖ ਬੱਚਿਆਂ ਨੂੰ ਪ੍ਰੇਰਣਾ ਮਿਲੇਗੀ। ਉਨ੍ਹਾਂ ਬੱਚਿਆਂ ਨੂੰ ਜੋਰ ਦਿੰਦਿਆਂ ਕਿਹਾ ਕਿ ਮਿਆਰੀ ਸਿੱਖਿਆ ਤੇ ਸਖਤ ਮਿਹਨਤ ਵਿਚੋਂ ਸਭਿਅਕ ਮਨੁੱਖੀ ਸ਼ਖਸ਼ੀਅਤ ਦੀ ਘਾੜਤ ਘੜੀ ਜਾਂਦੀ ਹੈ ਜੋ ਮਾਨਵੀ ਸਮਾਜ ਲਈ ਸੇਵਾ ਤੇ ਸਮਰਪਣ ਦੀ ਭਾਵਨਾ ਨਾਲ ਕਾਰਜ਼ਸ਼ੀਲ ਰਹਿੰਦੇ ਹਨ। ਉਨ੍ਹਾਂ ਦੱਸਿਆ ਕਿ ਅੱਠਵੀਂ, ਨੌਵੀਂ, ਦਸਵੀਂ ਕਲਾਸ ਦੇ ਬੱਚਿਆਂ ਨੂੰ ਮੁਫਤ ਟਿਊਸ਼ਨ ਮੁਹੱਈਆ ਕਰਵਾਈ ਜਾ ਰਹੀ ਹੈ ਤੇ ਵੱਖ ਵੱਖ ਖੇਤਰਾਂ ਵਿੱਚ ਨੌਕਰੀਆਂ ਹਾਸਲ ਕਰਨ ਲਈ ਗੁਰਦੁਆਰਾ ਸਾਹਿਬ ਵਲੋਂ ਚਲਾਏ ਜਾ ਰਹੇ ਮੁਫਤ ਕੋਚਿੰਗ ਸੈਂਟਰ ਨੂੰ ਹੋਰ ਵੀ ਆਧੁਨਿਕ ਕਰਨ ਜਾ ਰਹੇ ਹਾਂ। ਜਿਸ ਨਾਲ ਹਜ਼ੂਰ ਸਾਹਿਬ ਦੀ ਸਮੁੱਚੀ ਨੌਜਵਾਨ ਪੀੜ੍ਹੀ ਨੂੰ ਵੱਡਾ ਲਾਭ ਮਿਲੇਗਾ। ਦੱਸ ਦੇਈਏ ਕਿ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਇੱਕ ਕਾਬਲ, ਨੇਕ ਤੇ ਇਮਾਨਦਾਰ ਅਫਸਰ ਵਜੋਂ ਜਾਣੇ ਜਾਂਦੇ ਹਨ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ। ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com